




ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 25 ਦਸੰਬਰ 2024

Email:- lokbani08@gmail.com








R. N. I. Punpun/29016/2008 ✶ ਸਾਲ 16 , ✶ ਅੰਕ : 137, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111







## ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਬਿੱਲ ਕਲਿੰਟਨ ਹਸਪਤਾਲ ਵਿਚ ਹੋਏ ਭਰਤੀ

**ਵਾਸ਼ਿੰਗਟਨ ਲੋਕ ਬਾਣੀ** -ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਬਿੱਲ ਕਲਿੰਟਨ ਨੂੰ ਬੁਖਾਰ ਹੋਣ ਮਗਰੋਂ ਵਾਸ਼ਿੰਗਟਨ ਸਥਿਤ ਜੌਰਜਟਾਊਨ ਯੂਨੀਵਰਸਿਟੀ ਮੈਡੀਕਲ ਸੈਂਟਰ 'ਚ ਦਾਖਲ ਕਰਵਾਇਆ ਗਿਆ ਹੈ। ਕਲਿੰਟਨ (78) ਦੇ ਬੁਲਾਰੇ ਐਂਜਿਲ ਯੂਰੇਨਾ ਨੇ ਬਿਆਨ 'ਚ ਕਿਹਾ ਕਿ ਉਨ੍ਹਾਂ ਨੂੰ ਸ਼ਾਮ ਨੂੰ ਜਾਂਚ ਤੇ ਨਿਗਰਾਨੀ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਯੂਰੇਨ ਅਨੁਸਾਰ, 'ਉਹ ਠੀਕ ਹਨ ਅਤੇ ਆਪਣੀ ਬਿਹਤਰ ਦੇਖਭਾਲ ਤੋਂ ਖ਼ੁਸ਼ ਹਨ।' ਜਨਵਰੀ 1993 ਤੋਂ ਜਨਵਰੀ 2001 ਤੱਕ ਅਮਰੀਕਾ ਦੇ



ਦੋ ਵਾਰ ਰਾਸ਼ਟਰਪਤੀ ਰਹੇ ਕਲਿੰਟਨ ਨੇ ਨਵੰਬਰ 'ਚ ਹੋਈਆਂ

## ਅਬਦੁਲ ਖਾਨ ਬੋਲੇ ਭਾਰਤ ਪਾਕਿਸਤਾਨ ਸ਼ਾਂਤੀ ਦੀ ਗਲਬਾਤ ਹੋਵੇਗੀ ਮੁੜ ਸ਼ੁਰੂ

**ਲਾਹੌਰ, ਲੋਕ ਬਾਣੀ**-ਲਹਿੰਦੇ ਪੰਜਾਬ ਦੀ ਵਿਧਾਨ ਸਭਾ ਦੇ ਸਪੀਕਰ ਮਲਿਕ ਅਹਿਮਦ ਖਾਨ ਨੇ ਅੱਜ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ 1999 ਦੀ ਬੱਸ ਯਾਤਰਾ ਨੂੰ ਯਾਦ ਕੀਤਾ ਅਤੇ ਕਿਹਾ ਕਿ ਭਾਵੇਂ ਉਸ ਸਮੇਂ ਮੌਕਾ ਖੁੰਝਾ ਗਏ ਪਰ ਉਨ੍ਹਾਂ ਨੂੰ ਮੁੜ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਹ ਬੱਸ ਯਾਤਰਾ ਤਤਕਾਲੀ ਭਾਰਤੀ ਪ੍ਰਧਾਨ ਮਤਰੀ ਵੱਲੋਂ ਭਾਰਤ-ਪਾਕਿਸਤਾਨ ਸਬੰਧਾਂ ਨੂੰ ਸ਼ਾਂਤੀ ਦੇ ਮਾਰਗ 'ਤੇ ਲਿਆਉਣ ਦੀ ਇੱਕ ਦਲੇਰਾਨਾ ਕੋਸ਼ਿਸ਼ ਸੀ।

ਵਾਜਪਾਈ 19 ਫਰਵਰੀ, 1999 ਨੂੰ ਬੱਸ ਰਾਹੀਂ



ਲਾਹੌਰ ਗਏ ਸਨ। ਇੱਥੇ ਇਤਿਹਾਸਕ ਸਿਖਰ ਸੰਮੇਲਨ ਮਗਰੋਂ ਉਨ੍ਹਾਂ ਤੇ ਪਾਕਿਸਤਾਨ ਦੇ ਤਤਕਾਲੀ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਨੇ ਲਾਹੌਰ ਐਲਾਨਨਾਮੇ 'ਤੇ ਦਸਤਖ਼ਤ ਕੀਤੇ ਸਨ।

## ਰਾਜਸਥਾਨ ਵਿਚ ਛੋਟੀ ਬੱਚੀ ਡਿੱਗੀ ਬੋਰਵੈਲ ਚ ਬਾਹਰ ਕੱਢਣ ਦੀਆਂ ਕੋਸ਼ਿਸ਼ਾਂ ਜਾਰੀ

**ਰਾਜਸਥਾਨ, ਲੋਕ ਬਾਣੀ**-ਬ੍ਰਜੇਸ਼ ਚੌਧਰੀ, ਐਸ.ਡੀ.ਐਮ. ਦਾ ਕਹਿਣਾ ਹੈ, ਬੋਰਵੈੱਲ ਚ ਡਿੱਗੀ 3.5 ਸਾਲਾ ਬੱਚੀ ਨੂੰ ਜ਼ਿੰਦਾ ਬਾਹਰ ਕੱਢਣਾ ਬਚਾਅ ਟੀਮ ਦੀ ਤਰਜੀਹ ਹੈ ਅਤੇ ਇਸ ਦੀ ਜ਼ਿਆਦਾ ਸੰਭਾਵਨਾ ਐਨ.ਡੀ.ਆਰ. ਐਫ. ਦੇ ਬਚਾਅ ਕਾਰਜਾਂ ਰਾਹੀਂ ਹੈ। ਐਨ.ਡੀ.ਆਰ.ਐਫ. ਕਹਿ ਰਿਹਾ ਸੀ ਕਿ ਪਾਈਲਿੰਗ ਮਸ਼ੀਨ ਰਾਹੀਂ, ਸੰਭਾਵਨਾ (ਬੱਚੀ ਨੂੰ ਜ਼ਿੰਦਾ ਬਾਹਰ ਕੱਢਣ ਦੀ) ਘੱਟ ਹੋਵੇਗੀ, ਇਸ ਲਈ ਅਸੀਂ 24 ਘੰਟੇ ਇਹ (ਐਨ.ਡੀ.ਆਰ.




ਐਫ. ਬਚਾਅ ਕਾਰਜ) ਜਾਰੀ ਰੱਖਿਆ, ਪਰ ਬੱਚੀ ਨੂੰ ਬਾਹਰ ਨਹੀਂ ਕੱਢਿਆ ਜਾ ਸਕਿਆ ਇਸ ਲਈ ਹੁਣ ਪਾਈਲਿੰਗ ਮਸ਼ੀਨ ਹੈ। ਲਿਆਂਦੇ ਜਾ ਰਹੇ ਹਨ

## ਕਾਂਗਰਸ ਨੇ ਚੋਣ ਨਿਯਮਾਂ ਚ ਸ਼ੋਧ ਮਾਮਲੇ ਨੂੰ ਸੁਪਰੀਮ ਕੋਰਟ ਵਿੱਚ ਦਿੱਤੀ ਚੁਣੌਤੀ

**ਦਿੱਲੀ, ਲੋਕ ਬਾਣੀ**-ਕਾਂਗਰਸ ਨੇ ਕੁਝ ਇਲੈਕਟ੍ਰਾਨਿਕ ਦਸਤਾਵੇਜ਼ਾਂ ਦੀ ਜਨਤਕ ਜਾਂਚ ਨੂੰ ਰੋਕਣ ਵਾਸਤੇ ਚੋਣਾਂ ਨਿਯਮਾਂ ਵਿੱਚ ਹਾਲ ਹੀ 'ਚ ਕੀਤੀ ਸੋਧ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਅਤੇ ਉਮੀਦ ਪ੍ਰਗਟਾਈ ਕਿ ਸਿਖਰਲੀ ਅਦਾਲਤ ਚੋਣ ਅਮਲ ਦੀ 'ਤੇਜ਼ੀ ਨਾਲ ਖ਼ਤਮ ਹੋ ਰਹੀ' ਸਾਖ਼ ਨੂੰ ਬਹਾਲ ਕਰਨ ਵਿੱਚ ਮਦਦ



ਕਰੇਗੀ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਦੱਸਿਆ ਕਿ ਉਨ੍ਹਾਂ ਨੇ ਰਿੱਟ ਪਟੀਸ਼ਨ ਦਾਇਰ ਕੀਤੀ ਹੈ।

## ਜੰਮੂ ਕਸ਼ਮੀਰ ਵਿਚ ਫੌਜ ਦਾ ਟਰੱਕ ਡਿੱਗਿਆ ਖੱਡ ਵਿੱਚ ਪੰਜ ਜਵਾਨ ਹੋਏ ਸ਼ਹੀਦ

**ਜੰਮੂ, ਲੋਕ ਬਾਣੀ**- ਜੰਮੂ ਕਸ਼ਮੀਰ ਦੇ ਪੁਣਛ ਜ਼ਿਲ੍ਹੇ ਵਿੱਚ ਅੱਜ ਸ਼ਾਮ ਨੂੰ ਫੌਜ ਦਾ ਵਾਹਨ 300 ਤੋਂ 350 ਫੁੱਟ ਡੂੰਘੀ ਖੱਡ ਵਿੱਚ ਡਿੱਗ ਗਿਆ, ਜਿਸ ਵਿੱਚ ਪੰਜ ਜਵਾਨ ਸ਼ਹੀਦ ਹੋ ਗਏ, ਜਦੋਂਕਿ ਪੰਜ ਜ਼ਖ਼ਮੀ ਹੋ ਗਏ। ਘਟਨਾ ਘਰੋਆ ਇਲਾਕੇ ਵਿੱਚ ਉਸ ਸਮੇਂ ਹੋਈ ਜਦੋਂ ਫੌਜ ਦਾ ਵਾਹਨ ਜ਼ਿਲ੍ਹੇ ਵਿੱਚ



ਬਨੋਈ ਨੂੰ ਜਾ ਰਿਹਾ ਸੀ। ਬਚਾਅ ਟੀਮ ਨੇ ਪੰਜ ਲਾਸ਼ਾਂ ਬਰਾਮਦ ਕਰ ਲਈਆਂ ਹਨ। ਅਧਿਕਾਰੀਆਂ ਨੇ ਦੱਸਿਆ ਕਿ ਵਾਹਨ ਕਰੀਬ 300-350 ਫੁੱਟ ਡੂੰਘੀ ਖੱਡ ਵਿੱਚ ਡਿੱਗ ਗਿਆ। ਸਾਰੇ ਜਵਾਨ 11 ਮਰਾਠਾ ਰੈਜੀਮੈਂਟ ਦੇ ਹਨ। ਉਧਰ ਵ੍ਹਾਈਟ ਨਾਈਟ ਕੋਰ ਨੇ 'ਐਕਸ' 'ਤੇ ਪੋਸਟ ਵਿੱਚ ਕਿਹਾ, "ਵ੍ਹਾਈਟਨਾਈਟ ਕੋਰ ਦੇ ਸਾਰੇ ਰੈਂਕ ਪੁਣਛ ਸੈਕਟਰ ਵਿੱਚ ਅਪਰੇਸ਼ਨ ਡਿਊਟੀ ਦੌਰਾਨ ਹਾਦਸੇ ਵਿੱਚ ਪੰਜ ਸੈਨਿਕਾਂ ਦੀ ਮੌਤ 'ਤੇ ਡੂੰਘਾ ਦੁੱਖ ਪ੍ਰਗਟ ਕਰਦੇ ਹਨ।'

## ਦੇਸ਼ ਦੇ ਲੋਕ ਮਹਿੰਗਾਈ ਤੋਂ ਪਰੇਸ਼ਾਨ ਕੇਂਦਰ ਸਰਕਾਰ ਨੂੰ ਕੋਈ ਫਰਕ ਨਹੀਂ -ਰਾਹੁਲ ਗਾਂਧੀ

**ਦਿੱਲੀ, ਲੋਕ ਬਾਣੀ** --ਕਾਂਗਰਸ ਆਗੂ ਰਾਹੁਲ ਗਾਂਧੀ ਨੇ ਮਹਿੰਗਾਈ ਨੂੰ ਲੈ ਕੇ ਸਰਕਾਰ ਤੇ ਹਮਲਾ ਕਰਦੇ ਹੋਏ ਕਿਹਾ ਕਿ ਜ਼ਰੂਰੀ ਵਸਤੂਆਂ ਦੀ ਕੀਮਤ ਬੇਕਾਬੂ ਹੋ ਰਹੀ ਹੈ ਅਤੇ ਸਰਕਾਰ ਸੌਂ ਰਹੀ ਹੈ। ਰਾਹੁਲ ਨੇ ਸਬਜ਼ੀ ਮੰਡੀ ਜਾ ਕੇ ਲੋਕਾਂ ਨਾਲ ਗੱਲ ਕੀਤੀ ਅਤੇ ਕਿਹਾ ਕਿ ਸਰਕਾਰ ਮਹਿੰਗਾਈ ਨੂੰ ਕੰਟਰੋਲ ਨਹੀਂ ਕਰ ਪਾ



ਰਹੀ ਹੈ, ਜਿਸ ਨਾਲ ਆਮ ਆਦਮੀ ਦਾ ਜੀਵਨ ਕਠਿਨ ਹੋ ਗਿਆ

## ਐਸਕੇਐਮ ਦਾ ਵੱਡਾ ਐਲਾਨ ਕਿਸਾਨ ਮੋਰਚਿਆਂ ਵਿੱਚ ਸ਼ਾਮਲ ਨਹੀਂ ਹੋਵੇਗਾ

**ਚੰਡੀਗੜ੍ਹ, ਵਿਨੋਦ ਸ਼ਰਮਾ**-ਸੰਯੁਕਤ ਕਿਸਾਨ ਮੋਰਚਾ ਪੰਜਾਬ ਨੇ ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਪੰਜਾਬ ਤੇ ਹਰਿਆਣਾ ਦੇ ਬਾਰਡਰਾਂ 'ਤੇ ਸਾਢੇ 10 ਮਹੀਨਿਆਂ ਤੋਂ ਚਲਾਏ ਰਹੇ ਮੋਰਚਿਆਂ ਵਿੱਚ ਸ਼ਾਮਲ ਨਾ ਹੋਣ ਦਾ ਫ਼ੈਸਲਾ ਕੀਤਾ ਹੈ। ਇਸ ਗੱਲ ਦਾ ਪ੍ਰਗਟਾਵਾ ਅੱਜ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਚੰਡੀਗੜ੍ਹ ਦੇ ਕਿਸਾਨ ਭਵਨ ਵਿੱਚ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਹ ਮੀਟਿੰਗ ਕਿਸਾਨ ਆਗੂ ਨਿਰਭੈ ਸਿੰਘ ਢੁੱਡੀਕੇ, ਪ੍ਰੇਮ ਸਿੰਘ ਭੰਗੂ



ਅਤੇ ਹਰਜਿੰਦਰ ਸਿੰਘ ਟਾਂਡਾ ਦੀ ਪ੍ਰਧਾਨਗੀ ਹੇਠ ਹੋਈ। ਕਿਸਾਨ ਆਗੂਆਂ ਨੇ ਜਨਵਰੀ ਦੇ ਪਹਿਲੇ ਹਫ਼ਤੇ ਰਾਸ਼ਟਰਪਤੀ ਨੂੰ ਮਿਲਣ ਦਾ ਫ਼ੈਸਲਾ ਕੀਤਾ ਹੈ। ਇਸ ਤੋਂ ਇਲਾਵਾ 9 ਜਨਵਰੀ ਨੂੰ ਮੋਗਾ ਵਿੱਚ ਵੱਡਾ ਇਕੱਠ ਕਰਨ ਦਾ ਐਲਾਨ ਵੀ ਕੀਤਾ।

## ਵਪਾਰੀ 'ਤੇ ਹਥਿਆਰਾਂ ਨਾਲ ਹਮਲਾ

**ਜਲੰਧਰ, ਲੋਕ ਬਾਣੀ**- -ਸ਼ਹਿਰ ਦੇ ਪੌਸ਼ ਖੇਤਰ ਮਾਡਲ ਟਾਊਨ ਵਿੱਚ ਮੋਬਾਈਲ ਅਸੈੱਸਰੀਜ਼ ਕਾਰੋਬਾਰੀ 'ਤੇ 15 ਦੇ ਕਰੀਬ ਹਮਲਾਵਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਕਥਿਤ ਹਮਲਾ ਕਰ ਦਿੱਤਾ। ਜ਼ਖਮੀ ਹੋਏ ਗੋਪਾਲ ਨਗਰ ਵਾਸੀ ਸੌਰਵ ਸਚਦੇਵਾ ਦੇ ਬਿਆਨਾਂ ਦੇ ਆਧਾਰ 'ਤੇ ਡਿਵੀਜ਼ਨ ਨੰਬਰ-6 ਦੀ ਪੁਲੀਸ ਨੇ ਅਣਪਛਾਤੇ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਥਾਣਾ ਡਿਵੀਜ਼ਨ ਨੰਬਰ 6 ਦੇ ਏਐੱਸਆਈ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸੀਸੀਟੀਵੀ ਦੇ ਆਧਾਰ 'ਤੇ ਮੁਲਜ਼ਮਾਂ ਦੀ ਪਛਾਣ ਹੋਣ ਮਗਰੋਂ ਸਾਰਿਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਸੌਰਵ ਸਚਦੇਵਾ ਨੇ ਦੱਸਿਆ ਕਿ ਉਹ ਮਾਡਲ ਟਾਊਨ ਸਥਿਤ ਗੋਲ ਮਾਰਕੀਟ ਨੇੜੇ ਨਿਊ



ਵਿਫਨੈੱਟ ਕਲੱਬ ਵਿੱਚ ਜਿਮ ਵਿੱਚੋਂ ਜਦੋਂ ਬਾਹਰ ਆ ਕੇ ਕਾਰ 'ਚ ਬੈਠਣ ਲੱਗਿਆ ਤਾਂ 10 ਤੋਂ 15 ਅਣਪਛਾਤੇ ਨੌਜਵਾਨਾਂ ਨੇ ਉਸ 'ਤੇ ਚਾਕੂਆਂ ਨਾਲ ਹਮਲਾ ਕਰ ਦਿੱਤਾ। ਵਾਰਦਾਤ ਦੌਰਾਨ ਪੀੜਤ ਦੀ ਦੋ ਤੋਲੇ ਦੀ ਚੇਨ ਗਾਇਬ ਹੋ ਗਈ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਪੰਚਾਇਤੀ ਚੋਣਾਂ 'ਚ ਕਾਗਜ਼ ਰੱਦ ਨਾ ਕਰਨ ਬਦਲੇ 23 ਲੱਖ ਰੁਪਏ ਰਿਸ਼ਵਤ ਲੈਣ ਵਾਲੇ ਤਿੰਨ ਵਿਅਕਤੀਆਂ ਖ਼ਿਲਾਫ਼ ਵਿਜੀਲੈਂਸ ਬਿਊਰੋ ਵੱਲੋਂ ਮੁਕੱਦਮਾ ਦਰਜ

ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਵਿਜੀਲੈਂਸ ਬਿਊਰੋ ਨੇ ਪੰਚਾਇਤੀ ਚੋਣ ਲਈ ਸਰਪੰਚ ਅਤੇ ਪੰਚਾਇਤ ਮੈਂਬਰਾਂ ਦੇ ਨਾਮਜ਼ਦਗੀ ਫਾਰਮ ਰੱਦ ਨਾ ਕਰਨ ਬਦਲੇ 23 ਲੱਖ ਰੁਪਏ ਦੀ ਰਿਸ਼ਵਤ ਲੈਣ ਅਤੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਨ ਦੇ ਦੋਸ਼ ਹੇਠ ਗੁਲਾਬ ਸਿੰਘ, ਐਸ.ਡੀ.ਓ. ਨਹਿਰੀ ਵਿਭਾਗ ਫਿਰੋਜ਼ਪੁਰ, ਉਸ ਵੇਲੇ ਬਤੌਰ ਰਿਟਰਨਿੰਗ ਅਫਸਰ (ਆਰ.ਓ) ਬਲਾਕ ਘੱਲ ਖੁਰਦ ਅਤੇ ਦਵਿੰਦਰ ਸਿੰਘ, ਸਬ-ਇੰਸਪੈਕਟਰ ਖੇਤੀਬਾੜੀ ਵਿਭਾਗ ਫਿਰੋਜ਼ਪੁਰ, ਉਸ ਵੇਲੇ ਸਹਾਇਕ ਰਿਟਰਨਿੰਗ ਅਫਸਰ (ਏ.ਆਰ.ਓ.) ਬਲਾਕ ਘੱਲ ਖੁਰਦ, ਫਿਰੋਜ਼ਪੁਰ, ਅਤੇ ਉੱਥੋਂ ਦੇ ਨਿਵੇਦਿਅਮ ਹੋਟਲ ਦੇ ਮਾਲਕ ਰਾਹੁਲ ਨਾਰੰਗ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਹੈ। ਇਸ ਮੁਕੱਦਮੇ ਵਿੱਚ ਗੁਲਾਬ ਸਿੰਘ, ਐਸ.ਡੀ.ਓ. ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ ਅਤੇ ਉਹ ਇਸ ਵੇਲੇ ਜੇਲ੍ਹ ਵਿੱਚ ਬੰਦ ਹੈ।

ਇਹ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਇੱਕ ਸ਼ਿਕਾਇਤ ਦੀ ਵੈਰੀਫਿਕੇਸ਼ਨ ਉਪਰੰਤ ਦਰਜ ਕੀਤਾ ਗਿਆ ਹੈ। ਸ਼ਿਕਾਇਤ ਦੀ ਪੜਤਾਲ ਦੌਰਾਨ ਪਾਇਆ ਗਿਆ ਕਿ ਸ਼ਿਕਾਇਤਕਰਤਾ ਹਰਦੀਪ ਸਿੰਘ ਅਤੇ ਉਸ ਦੇ ਭਰਾ ਜਗਦੇਵ ਸਿੰਘ ਵਲੋਂ ਪਿੰਡ



ਝੂਤ, ਜ਼ਿਲ੍ਹਾ ਫਿਰੋਜ਼ਪੁਰ ਦੀ ਸਰਪੰਚੀ ਚੋਣ ਲਈ ਅਤੇ ਸੁਖਜੀਤ ਕੌਰ, ਰਸ਼ਪਾਲ ਸਿੰਘ, ਮਨਜੀਤ ਕੌਰ ਅਤੇ ਜਗਮੋਹਨ ਸਿੰਘ ਵੱਲੋਂ ਮੈਂਬਰ ਪੰਚਾਇਤ ਦੀ ਚੋਣ ਲਈ ਨਾਮਜ਼ਦਗੀ ਫਾਰਮ ਭਰੇ ਸਨ। ਫਾਰਮ ਭਰਨ ਤੋਂ ਬਾਅਦ ਸ਼ਿਕਾਇਤਕਰਤਾ ਨੇ ਫਾਰਮਾਂ ਦੇ ਸਬੰਧ ਵਿੱਚ ਉਕਤ ਦੋਸ਼ੀ ਦਵਿੰਦਰ ਸਿੰਘ, ਸਬ-ਇੰਸਪੈਕਟਰ ਖੇਤੀਬਾੜੀ ਵਿਭਾਗ ਫਿਰੋਜ਼ਪੁਰ, ਉਸ ਵੇਲੇ ਸਹਾਇਕ ਰਿਟਰਨਿੰਗ ਅਫਸਰ (ਏ.ਆਰ.ਓ.) ਬਲਾਕ ਘੱਲ ਖੁਰਦ, ਫਿਰੋਜ਼ਪੁਰ ਦੇ ਘਰ ਪਿੰਡ ਵਜੀਦਪੁਰ ਵਿਖੇ ਗਿਆ, ਜਿੱਥੇ ਉਸਨੂੰ ਦੋਸ਼ੀ ਗੁਲਾਬ ਸਿੰਘ, ਐਸ.ਡੀ.ਓ ਨਹਿਰੀ ਵਿਭਾਗ ਫਿਰੋਜ਼ਪੁਰ, ਉਸ ਵੇਲੇ ਬਤੌਰ ਰਿਟਰਨਿੰਗ ਅਫਸਰ (ਆਰ.ਓ) ਬਲਾਕ ਘੱਲ ਖੁਰਦ ਵੀ ਮਿਲਿਆ। ਦੋਵਾਂ ਰਿਟਰਨਿੰਗ ਅਫਸਰਾਂ ਨੇ ਸ਼ਿਕਾਇਤਕਰਤਾ ਪਾਸੋਂ ਨਾਮਜ਼ਦਗੀ ਫਾਰਮ ਰੱਦ ਨਾ ਕਰਨ ਬਦਲੇ 15 ਲੱਖ ਰੁਪਏ ਦੀ ਮੰਗ ਕੀਤੀ ਅਤੇ ਨਿਵੇਦਿਅਮ ਹੋਟਲ ਦੇ ਮਾਲਕ ਰਾਹੁਲ ਨਾਰੰਗ ਨੂੰ ਇਹ ਰਕਮ ਦੇਣ ਲਈ ਕਿਹਾ।

ਸ਼ਿਕਾਇਤਕਰਤਾ ਨੇ ਆਪਣੇ ਭਰਾ ਜਗਦੇਵ ਸਿੰਘ ਅਤੇ ਹੋਰਨਾਂ ਦੀ ਹਾਜ਼ਰੀ ਵਿੱਚ ਉਕਤ ਰਾਹੁਲ ਨਾਰੰਗ ਨੂੰ 15 ਲੱਖ ਰੁਪਏ ਦੇ ਦਿੱਤੇ ਤਾਂ ਰਾਹੁਲ ਨਾਰੰਗ ਨੂੰ ਜਦੋਂ ਸ਼ਿਕਾਇਤਕਰਤਾ ਹਰਦੀਪ ਸਿੰਘ ਨੇ ਮੈਂਬਰਾਂ ਸਬੰਧੀ ਪੁੱਛਿਆ ਤਾਂ ਰਾਹੁਲ ਨਾਰੰਗ ਨੇ 8 ਲੱਖ ਰੁਪਏ (ਪ੍ਰਤੀ ਮੈਂਬਰ 2 ਲੱਖ ਰੁਪਏ) ਹੋਰ ਅਦਾਇਗੀ ਬਤੌਰ ਰਿਸ਼ਵਤ ਦੇਣ ਲਈ ਕਿਹਾ।

ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਵੱਲੋਂ ਪੜਤਾਲ ਦੌਰਾਨ ਦੋਸ਼ੀ ਗੁਲਾਬ ਸਿੰਘ ਐਸ.ਡੀ.ਓ. ਅਤੇ ਦੋਸ਼ੀ ਦਵਿੰਦਰ ਸਿੰਘ ਸਬ-ਇੰਸਪੈਕਟਰ ਦੁਆਰਾ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਰਾਹੁਲ ਨਾਰੰਗ, ਮਾਲਕ ਨਿਵੇਦਿਅਮ ਹੋਟਲ ਨਾਲ ਸ਼ਾਹਬਾਜ਼ ਹੋ ਕੇ ਸ਼ਿਕਾਇਤਕਰਤਾ ਹਰਦੀਪ ਸਿੰਘ ਪਾਸੋਂ 23 ਲੱਖ ਰੁਪਏ ਹਾਸਲ ਕਰਨ ਦੇ ਦੋਸ਼ ਸਾਹਮਣੇ ਆਏ ਹਨ ਜਿਸ ਕਰਕੇ ਵਿਜੀਲੈਂਸ ਬਿਊਰੋ ਫਿਰੋਜ਼ਪੁਰ ਰੇਂਜ ਦੇ ਥਾਣੇ ਵਿੱਚ ਉਕਤ ਤਿੰਨਾਂ ਮੁਲਜ਼ਮਾਂ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਮੁਕੱਦਮੇ ਦੀ ਹੋਰ ਤਫਤੀਸ਼ ਜਾਰੀ ਹੈ।

# ਚੰਡੀਗੜ੍ਹ ਨਗਰ ਨਿਗਮ ਦੀ ਮੀਟਿੰਗ ਚ ਕਾਂਗਰਸ-ਭਾਜਪਾ ਕੌਂਸਲਰਾਂ ਵਿਚਾਲੇ ਝੜਪ



ਚੰਡੀਗੜ੍ਹ (ਲੋਕ ਬਾਣੀ)- ਚੰਡੀਗੜ੍ਹ ਨਗਰ ਨਿਗਮ ਦੀ ਹਾਊਸ ਮੀਟਿੰਗ ਵਿੱਚ ਮੰਗਲਵਾਰ ਨੂੰ ਕਾਂਗਰਸ ਅਤੇ ਭਾਜਪਾ ਦੇ ਕੌਂਸਲਰਾਂ ਵਿੱਚ ਝੜਪ ਹੋ ਗਈ। ਇਹ ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਕਾਂਗਰਸੀ ਕੌਂਸਲਰਾਂ ਨੇ ਨਾਮਜ਼ਦ ਕੌਂਸਲਰ ਅਨਿਲ ਮਸੀਹ ਨੂੰ 'ਵੋਟ ਚੋਰ' ਕਹਿਣਾ ਸ਼ੁਰੂ ਕਰ ਦਿੱਤਾ। ਇਸ ਦੇ ਵਿਰੋਧ ਚ ਮਸੀਹ ਖੂਹ ਤੇ ਆ ਗਏ ਅਤੇ ਕਿਹਾ ਕਿ ਰਾਹੁਲ ਗਾਂਧੀ ਵੀ ਜ਼ਮਾਨਤ ਤੇ ਹਨ। ਇਸ ਨਾਲ ਕਾਂਗਰਸੀ ਕੌਂਸਲਰ ਨਾਰਾਜ਼ ਹੋ ਗਏ। ਉਨ੍ਹਾਂ ਅਨਿਲ ਮਸੀਹ ਲਈ ਵੋਟ ਚੋਰ ਦੇ ਨਾਅਰੇ ਲਾਉਣੇ ਸ਼ੁਰੂ ਕਰ ਦਿੱਤੇ।

ਝਗੜਾ ਵਧਣ ਤੇ ਦੋਵਾਂ ਧਿਰਾਂ ਵਿਚਾਲੇ ਹੱਥੋਪਾਈ ਹੋ ਗਈ। ਭਾਜਪਾ ਕੌਂਸਲਰਾਂ ਨੇ ਕਾਂਗਰਸੀ ਕੌਂਸਲਰਾਂ ਦੇ ਹੱਥਾਂ ਤੋਂ ਅਨਿਲ ਮਸੀਹ ਨੂੰ ਵੋਟ ਚੋਰ ਦੱਸਦੇ ਹੋਏ ਪੋਸਟਰ ਖੋਹ ਲਏ। ਵਧਦੇ ਹੰਗਾਮੇ ਨੂੰ ਦੇਖਦੇ ਹੋਏ ਸਦਨ ਦੀ ਬੈਠਕ ਮੁਲਤਵੀ ਕਰ ਦਿੱਤੀ ਗਈ।

# ਕਿਸਾਨ ਆਗੂ ਡੱਲੇਵਾਲ ਨੇ ਕਿਸਾਨਾਂ ਨੂੰ ਦਿੱਤਾ ਸੰਦੇਸ਼, ਸਾਰੇ ਰਾਜਾਂ ਨੂੰ ਇਕਜੁੱਟ ਹੋਣ ਦਾ ਦਿੱਤਾ ਸੁਨੇਹਾ

(ਲੋਕ ਬਾਣੀ) ਸੰਯੁਕਤ ਕਿਸਾਨ ਮੋਰਚਾ (♥™$) ਫਿਲਹਾਲ ਸ਼ੰਭੂ-ਖਨੌਰੀ ਸਰਹੱਦ ਤੇ ਅੰਦੋਲਨ ਵਿੱਚ ਸ਼ਾਮਲ ਨਹੀਂ ਹੋਵੇਗਾ। ਇਹ ਫੈਸਲਾ ਚੰਡੀਗੜ੍ਹ ਵਿੱਚ ਸਾਢੇ ਚਾਰ ਘੰਟੇ ਚੱਲੀ ਕਿਸਾਨ ਆਗੂਆਂ ਦੀ ਮੀਟਿੰਗ ਵਿੱਚ ਲਿਆ ਗਿਆ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਸਾਡੇ ਵੱਲੋਂ ਏਕਤਾ ਲਈ ਲਗਾਤਾਰ ਯਤਨ ਜਾਰੀ ਹਨ।ਇਸ ਦੇ ਨਾਲ ਹੀ ਅੱਜ 4 ਦਿਨਾਂ ਬਾਅਦ ਡੱਲੇਵਾਲ ਨੂੰ ਖਨੌਰੀ ਸਰਹੱਦ ਤੇ ਲੱਗੇ ਮੋਰਚੇ ਚ ਸ਼ੀਸ਼ੇ ਦੇ ਕੈਬਿਨ ਚ ਪਾ ਕੇ ਲਿਆਂਦਾ ਗਿਆ ।ਇਸ ਮੌਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੋਸਤੋ, ਜਿਨ੍ਹਾਂ ਨੇ ਫਰੰਟ ਦਾ ਸਾਥ ਦਿੱਤਾ ਮੈਂ ਤਹਿ ਦਿਲੋਂ ਧੰਨਵਾਦੀ ਹਾਂ ।ਮੈਂ ਤੁਹਾਨੂੰ ਸਾਰਿਆਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਮੈਂ ਠੀਕ ਹਾਂ। ਅਜਿਹੀ ਕੋਈ ਗੱਲ ਨਹੀਂ ਹੈ। ਇਹ ਲੜਾਈ ਜਿੱਤਣੀ ਹੈ। ਇਹ ਲੜਾਈ ਤਾਂ ਹੀ ਜਿੱਤੀ ਜਾਵੇਗੀ ਜਦੋਂ ਪੂਰਾ ਦੇਸ਼ ਇਸ ਲੜਾਈ ਨੂੰ ਇਕਜੁੱਟ ਹੋ ਕੇ ਲੜੇਗਾ। ਜਦੋਂ 2021 ਵਿੱਚ ਕਈ ਰਾਜਾਂ ਨੇ ਅੰਦੋਲਨ ਖਤਮ ਕੀਤਾ ਤਾਂ ਉਨ੍ਹਾਂ ਨੇ ਕਿਹਾ ਕਿ ਤੁਸੀਂ ਅੰਦੋਲਨ ਨੂੰ ਅਧੂਰਾ ਛੱਡ ਰਹੇ ਹੋ। ਹੁਣ ਵੱਡਾ ਭਰਾ ਫਿਰ ਮੈਦਾਨ ਚ ਹੈ। ਛੋਟੇ ਭਰਾ, ਇਸ ਲੜਾਈ ਨੂੰ ਮਜ਼ਬੂਤੀ ਨਾਲ ਲੜਨਾ ਬਾਕੀ ਸੂਬਿਆਂ ਦੀ ਜ਼ਿੰਮੇਵਾਰੀ ਹੈ। ਇਹ ਸਰਕਾਰ ਸਾਨੂੰ ਕਿਸੇ ਵੀ ਕੀਮਤ ਤੇ ਉਠਾਉਣ ਦੇ ਯੋਗ ਨਹੀਂ ਹੋਣੀ ਚਾਹੀਦੀ। ਜੇ ਸਰਕਾਰ ਚੁੱਕ ਨਾ ਸਕੀ ਤਾਂ ਅਸੀਂ ਜਿੱਤਾਂਗੇ, ਨਹੀਂ ਤਾਂ ਮਰ ਜਾਵਾਂਗੇ।



ਦੂਜੇ ਪਾਸੇ ਖਨੌਰੀ ਸਰਹੱਦ ਵਿਖੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਨੂੰ ਅੱਜ 29 ਦਿਨ ਹੋ ਗਏ ਹਨ। ਉਨ੍ਹਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਅੱਜ ਮੰਗਲਵਾਰ ਸ਼ਾਮ 4:30 ਵਜੇ ਉਨ੍ਹਾਂ ਦੇ ਮਰਨ ਵਰਤ ਦੇ ਸਮਰਥਨ ਵਿੱਚ ਪੰਜਾਬ ਨੂੰ ਛੱਡ ਕੇ ਪੂਰੇ ਦੇਸ਼ ਵਿੱਚ ਕੈਂਡਲ ਮਾਰਚ ਕੱਢਿਆ ਜਾਵੇਗਾ। ਕਿਸਾਨ ਫਸਲਾਂ ਦੀ ਖਰੀਦ ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਦੇਣ ਲਈ ਕਾਨੂੰਨ ਬਣਾਉਣ ਦੀ ਮੰਗ ਕਰ ਰਹੇ ਹਨ। ਕੜਾਕੇ ਦੀ ਠੰਢ ਅਤੇ ਬਰਸਾਤ ਵਿੱਚ ਵੀ ਉਹ ਹਰਿਆਣਾ-ਪੰਜਾਬ ਨੂੰ ਜੋੜਨ ਵਾਲੀ ਖਨੌਰੀ ਸਰਹੱਦ 'ਤੇ ਡਟ ਕੇ ਖੜ੍ਹੇ ਹਨ।

# ਪੰਜਾਬ ਸਰਕਾਰ ਵੱਲੋਂ ਅਡੀਸ਼ਨਲ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੂੰ ਐਡਮਿਨਸਟਰੇਟਰ ਜਨਰਲ ਅਤੇ ਆਫੀਸ਼ੀਅਲ ਟਰੱਸਟੀ ਦਾ ਚਾਰਜ ਸੰਭਾਲਿਆ

ਚੰਡੀਗੜ੍ਹ : (ਲੋਕ ਬਾਣੀ)- ਚੰਡੀਗੜ੍ਹ : ਪੰਜਾਬ ਸਰਕਾਰ ਨੇ ਨਿਆਂ ਵਿਭਾਗ (ਜੁਡੀਸ਼ੀਅਲ -1 ਸ਼ਾਖਾ) ਵੱਲੋਂ ਜਾਰੀ ਆਪਣੇ ਹੁਕਮਾਂ ਵਿੱਚ ਐਡਵੋਕੇਟ ਬੇਦੀ ਨੂੰ ਐਡਮਿਨਿਸਟ੍ਰੇਟਰ ਜਨਰਲ ਅਤੇ ਅਧਿਕਾਰਤ ਟਰੱਸਟੀ ਪੀ.ਬੀ. ਐਡਵੋਕੇਟ ਬੇਦੀ ਨੇ ਇਹ ਚਾਰਜ 23 ਦਸੰਬਰ, 2024 ਨੂੰ ਸੰਭਾਲਿਆ ਹੈ। ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਸ ਨਵੀਂ ਜ਼ਿੰਮੇਵਾਰੀ ਵਜੋਂ ਸਨਮਾਨ ਕੀਤਾ ਹੈ। ਉਨ੍ਹਾਂ ਨੇ ਪੰਜਾਬ ਰਾਜ ਦੇ ਭਲੇ ਲਈ ਇਸ ਨਵੇਂ ਕਾਰਜ ਲਈ ਆਪਣੇ ਵਧੀਆ ਅਭਿਆਸਾਂ ਅਤੇ ਸੇਵਾਵਾਂ ਬਾਰੇ ਸਮਰੱਥ ਅਥਾਰਟੀ ਨੂੰ ਭਰੋਸਾ ਦਿਵਾਇਆ।



ਮਨਿੰਦਰਜੀਤ ਸਿੰਘ ਬੇਦੀ ਜ਼ਿਲ੍ਹਾ ਬਠਿੰਡਾ ਦੇ ਰਾਮਪੁਰਾ ਫੂਲ (ਫੂਲ ਸਬ-ਡਿਵੀਜ਼ਨ) ਨਾਲ ਸਬੰਧਤ ਹਨ ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪ੍ਰੈਕਟਿਸ ਕਰ ਰਹੇ ਹਨ। ਉਹ ਆਪਣੇ ਪਰਿਵਾਰ ਵਿੱਚ ਤੀਜੀ ਪੀੜ੍ਹੀ ਦਾ ਕਾਨੂੰਨੀ ਪ੍ਰੈਕਟੀਸ਼ਨਰ ਹੈ। ਉਨ੍ਹਾਂ ਦੇ ਪੜਦਾਦਾ, ਦਾਦਾ, ਪਿਤਾ ਅਤੇ ਚਾਚਾ ਨੇ ਕਾਨੂੰਨੀ ਪ੍ਰੈਕਟੀਸ਼ਨਰ ਵਜੋਂ ਪੰਜਾਬ ਦੀ ਸੇਵਾ ਕੀਤੀ।

# ਵਧੀਕ ਡਿਪਟੀ ਕਮਿਸ਼ਨਰ ਨੇ ਬੱਚਿਆਂ ਲਈ ਪੰਜਾਬ ਦੀ ਪਹਿਲੀ ਸਰਕਾਰੀ ਜ਼ਿਲ੍ਹਾ ਲਾਇਬ੍ਰੇਰੀ ਬਹਾਰ-ਏ-ਖ਼ੁਸ਼ੀ ਕੀਤੀ ਬੱਚਿਆਂ ਦੇ ਸਪੁਰਦ

ਮਾਨਸਾ, 24 ਦਸੰਬਰ : (ਲੋਕ ਬਾਣੀ)

ਡਿਪਟੀ ਕਮਿਸ਼ਨਰ ਮਾਨਸਾ ਸ਼੍ਰੀ ਕੁਲਵੰਤ ਸਿੰਘ ਆਈ.ਏ.ਐਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀ ਨਿਰਮਲ ਓਸੇਪਚਨ ਨੇ ਮਾਨਸਾ ਵਿਖੇ ਬੱਚਿਆਂ ਲਈ ਪੰਜਾਬ ਦੀ ਪਹਿਲੀ ਸਰਕਾਰੀ ਜ਼ਿਲ੍ਹਾ ਲਾਇਬ੍ਰੇਰੀ ਅਤੇ ਕਲੱਬ 'ਬਹਾਰ-ਏ-ਖੁਸ਼ੀ' ਦਾ ਉਦਘਾਟਨ ਕਰਕੇ ਬੱਚਿਆਂ ਦੇ ਸਪੁਰਦ ਕੀਤਾ। ਇਸ ਮੌਕੇ ਨੰਨ੍ਹੇ ਬੱਚਿਆਂ ਨੇ ਲਾਇਬ੍ਰੇਰੀ ਦਾ ਰਿਬਨ ਕੱਟਣ ਦੀ ਰਸਮ ਨਿਭਾਈ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਬੱਚਿਆਂ ਲਈ ਖੁਲ੍ਹਣ ਵਾਲੀ ਸੂਬੇ ਦੀ ਪਹਿਲੀ ਸਰਕਾਰੀ ਜ਼ਿਲ੍ਹਾ ਲਾਇਬ੍ਰੇਰੀ ਹੈ। ਇਹ ਲਾਇਬ੍ਰੇਰੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਬਾਲ ਭਲਾਈ ਕਾਊਂਸਿਲ ਮਾਨਸਾ ਵੱਲੋਂ ਬਾਲ ਭਵਨ ਪਾਰਕ ਦੇ ਨੇੜੇ ਖੋਲ੍ਹੀ ਗਈ ਹੈ। ਉਨ੍ਹਾਂ ਦੱਸਿਆ ਕਿ ਬੱਚਿਆਂ ਨੂੰ ਕਿਤਾਬਾਂ ਨਾਲ ਜੋੜਨ ਲਈ ਲਾਇਬ੍ਰੇਰੀਆਂ ਸਭ ਤੋਂ ਉੱਤਮ ਸਾਧਨ ਹਨ। ਇਸ ਮੌਕੇ ਉਨ੍ਹਾਂ ਨਾਲ ਐਸ.ਡੀ.ਐਮ. ਸਰਦੂਲਗੜ੍ਹ ਸ੍ਰੀ ਨਿਤੇਸ਼ ਕੁਮਾਰ ਜੈਨ ਅਤੇ ਐਸ.ਡੀ.ਐਮ. ਮਾਨਸਾ ਸ਼੍ਰੀ ਕਾਲਾ ਰਾਮ ਕਾਂਸਲ ਵੀ ਮੌਜੂਦ ਸਨ।




ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਲਾਇਬ੍ਰੇਰੀ ਅੰਦਰ ਬੱਚਿਆਂ ਦੀ ਸਹੂਲਤ ਲਈ ਚੰਗੀਆਂ ਗਿਆਨ ਵਰਧਕ ਕਿਤਾਬਾਂ, ਆਕਰਸ਼ਕ ਮਾਹੌਲ, ਬੈਠਣ ਲਈ ਵਧੀਆ ਫਰਨੀਚਰ, ਚੈਸ, ਕੈਰਮ ਬੋਰਡ ਵਰਗੀਆਂ ਗੇਮਾਂ ਮੁਹੱਈਆ ਕਰਵਾਈਆਂ ਗਈਆਂ ਹੈ।

ਐਸ.ਡੀ.ਐਮ. ਸਰਦੂਲਗੜ੍ਹ ਸ਼੍ਰੀ ਨਿਤੇਸ਼ ਕੁਮਾਰ ਜੈਨ ਨੇ ਦੱਸਿਆ ਕਿ ਇਸ ਲਾਇਬ੍ਰੇਰੀ ਵਿੱਚ 18 ਸਾਲ ਤੋਂ ਘੱਟ ਉਮਰ ਦੇ ਬੱਚੇ ਲਾਭ ਲੈ ਸਕਣਗੇ ਅਤੇ ਉਨ੍ਹਾਂ ਦੇ ਉਮਰ ਵਰਗ ਦੇ ਅਨੁਸਾਰ ਹੀ ਕਿਤਾਬਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਬੱਚਿਆਂ ਲਈ ਹੋਬੀ ਕਲਾਸਾਂ ਦਾ ਪ੍ਰਬੰਧ ਵੀ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਬੱਚਿਆਂ ਦੀ ਇਸ ਲਾਇਬ੍ਰੇਰੀ ਨੂੰ ਵੱਡੇ ਵਿਦਿਆਰਥੀਆਂ ਦੀ ਲਾਇਬ੍ਰੇਰੀ ਨਾਲ ਵੀ ਜੋੜਿਆ ਜਾਵੇਗਾ, ਤਾਂ ਜੋ ਉਹ ਛੋਟੇ ਬੱਚਿਆਂ ਨੂੰ ਆਮ ਗਿਆਨ ਅਤੇ ਹੋਰ ਸਿੱਖਿਆਵਾਂ ਦੇ ਸਕਣ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਇੱਕ ਵਧੀਆ ਤੇ ਗਿਆਨ ਭਰਪੂਰ ਵਾਤਾਵਰਣ ਨਾਲ ਜੋੜਨ ਲਈ ਬੱਚਿਆਂ ਨੂੰ ਇਸ ਬਹਾਰ-ਏ-ਖ਼ੁਸ਼ੀ ਲਾਇਬ੍ਰੇਰੀ ਨਾਲ ਜ਼ਰੂਰ ਜੋੜਨ।ਇਸ ਮੌਕੇ ਜ਼ਿਲ੍ਹਾ ਭਾਸ਼ਾ ਅਫ਼ਸਰ ਸ਼੍ਰੀਮਤੀ ਤੇਜਿੰਦਰ ਕੌਰ, ਸਕੱਤਰ ਰੈਡ ਕਰਾਸ ਸੋਸਾਇਟੀ ਮੈਡਮ ਦੇਬਅਸ਼ਮਿਤਾ, ਲਾਇਬ੍ਰੇਰੀਅਨ ਗਗਨਦੀਪ ਕੌਰ, ਐਮ.ਏ. ਹਰਪ੍ਰੀਤ ਸਿੰਘ, ਜ਼ਿਲ੍ਹਾ ਨਾਜਰ ਪਰਦੀਪ ਕੁਮਾਰ ਤੋਂ ਇਲਾਵਾ ਵਿਦਿਆਰਥੀ ਮੌਜੂਦ ਸਨ।

# ਨੌਜਵਾਨ ਦਾ ਕਤਲ ਕਰਕੇ ਫਰਾਰ ਹੋਏ ਮੁਲਜ਼ਮਾਂ ਦੀ ਕਾਰ ਹਾਦਸਾਗ੍ਰਸਤ; ਇੱਕ ਮੁਲਜ਼ਮ ਦੀ ਮੌਤ, 4 ਜ਼ਖ਼ਮੀ



(ਲੋਕ ਬਾਣੀ) ਹੁਸ਼ਿਆਰਪੁਰ ਦੇ ਕਸਬਾ ਗੜ੍ਹਦੀਵਾਲਾ ਤੋਂ ਵੱਡੀ ਖਬਰ ਸਾਹਮਣੇ ਆ ਰਹੀ ਹੈ ਜਿਥੇ 2 ਗੱਡੀਆਂ ਵਿੱਚ ਆਏ ਹਮਲਾਵਰਾਂ ਨੇ ਇੱਕ ਨੌਜਵਾਨ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ। ਜਦੋਂ ਕਤਲ ਕਰਕੇ ਮੁਲਜ਼ਮ ਫਰਾਰ ਹੋਣ ਲੱਗੇ ਤਾਂ ਕੁਝ ਹੀ ਦੂਰੀ ਉਤੇ ਜਾ ਕੇ ਕਾਤਲਾਂ ਨੇ ਪਹਿਲਾਂ ਜਲਦਬਾਜ਼ੀ ਵਿੱਚ ਇੱਕ ਵਕੀਲ ਦੀ ਮਰੂਤੀ ਗੱਡੀ ਨੂੰ ਟੱਕਰ ਮਾਰ ਦਿੱਤੀ ਤੇ ਫਿਰ ਟਰੈਕਟਰ-ਟਰਾਲੀ ਨਾਲ ਜਾ ਟਕਰਾਏ। ਇਸ ਹਾਦਸੇ ਵਿੱਚ ਇੱਕ ਕਾਤਲ ਦੀ ਮੌਕੇ ਉਤੇ ਹੀ ਮੌਤ ਹੋ ਗਈ ਜਦ ਕਿ 4 ਹੋਰ ਜ਼ਖਮੀ ਹੋ ਗਏ ਜਿਨ੍ਹਾਂ ਨੂੰ ਤੁਰੰਤ ਦਸੂਹਾ ਦੇ ਸਰਕਾਰੀ ਹਸਪਤਾਲ ਵਿੱਚ ਲਿਆਂਦਾ ਗਿਆ। ਇੱਕ ਮੁਲਜ਼ਮ ਦੀ ਨਾਜ਼ੁਕ ਹਾਲਤ ਨੂੰ ਦੇਖਦਿਆ ਹੋਇਆ ਉਸ ਨੂੰ ਸ੍ਰੀ ਅੰਮ੍ਰਿਤਸਰ ਲਈ ਰੈਫਰ ਕਰ ਦਿੱਤਾ ਗਿਆ। ਇਸ ਤੋਂ ਇਲਾਵਾ ਮ੍ਰਿਤਕ ਦੇ ਇੱਕ ਸਾਥੀ ਗਗਨਦੀਪ ਸਿੰਘ ਦੇ ਵੀ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਹਨ ਜਿਸਨੂੰ ਜਲੰਧਰ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ। ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੇ ਦੱਸਿਆ ਹੈ ਆਪਸੀ ਰੰਜਿਸ਼ ਕਾਰਨ ਇਹ ਘਟਨਾ ਵਾਪਰੀ ਹੈ।

# ਹਰਿਆਣਾ ਦੇ ਸਕੂਲਾਂ ਚ 15 ਦਿਨਾਂ ਦੀਆਂ ਛੁੱਟੀਆਂ ਦਾ ਐਲਾਨ, ਸਰਕਾਰੀ ਤੇ ਪ੍ਰਾਈਵੇਟ ਸਕੂਲ ਰਹਿਣਗੇ ਬੰਦ



ਚੰਡੀਗੜ੍ਹ (ਲੋਕ ਬਾਣੀ)- ਹਰਿਆਣਾ ਸਰਕਾਰ ਨੇ ਸੂਬੇ ਵਿੱਚ ਵੱਧਦੀ ਠੰਡ ਨੂੰ ਮੱਦੇਨਜ਼ਰ ਰੱਖ ਕੇ ਸਕੂਲਾਂ ਵਿੱਚ ਸਰਦੀ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਹੈ। ਇਹ ਛੁੱਟੀਆਂ 1 ਜਨਵਰੀ ਤੋਂ 15 ਜਨਵਰੀ ਤੱਕ ਚੱਲਣਗੀਆਂ, ਜੋ ਕਿ ਇਹ ਹੁਕਮ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਤੇ ਲਾਗੂ ਹੋਵੇਗਾ। ਸੂਬੇ ਦੇ ਸਿੱਖਿਆ ਮੰਤਰੀ ਮਹੀਪਾਲ ਢਾਂਡਾ ਨੇ ਇਸ ਦੀ ਪੁਸ਼ਟੀ ਕੀਤੀ ਹੈ।

ਉਨ੍ਹਾਂ ਕਿਹਾ ਕਿ ਜਲਦੀ ਹੀ ਵਿਭਾਗ ਵੱਲੋਂ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਇਹ ਫੈਸਲਾ ਸੂਬੇ ਵਿੱਚ ਪੈ ਰਹੀ ਠੰਢ ਦੇ ਮੱਦੇਨਜ਼ਰ ਲਿਆ ਗਿਆ ਹੈ। ਮੌਸਮ ਵਿਭਾਗ ਦੀ ਭਵਿੱਖਬਾਣੀ ਅਨੁਸਾਰ ਆਉਣ ਵਾਲੇ ਦਿਨਾਂ ਵਿੱਚ ਸੂਬੇ ਵਿੱਚ ਸੁੱਕੀ ਠੰਢ ਰਹੇਗੀ। ਮੀਂਹ ਅਤੇ ਠੰਡੀਆਂ ਪਹਾੜੀ ਹਵਾਵਾਂ ਕਾਰਨ ਦਿਨ ਅਤੇ ਰਾਤ ਦੇ ਤਾਪਮਾਨ ਵਿੱਚ ਲਗਾਤਾਰ ਗਿਰਾਵਟ ਹੋ ਰਹੀ ਹੈ। ਇਸ ਮੌਸਮ ਚ ਰਾਤ ਦੇ ਤਾਪਮਾਨ ਚ ਭਾਰੀ ਗਿਰਾਵਟ ਦਰਜ ਕੀਤੀ ਗਈ ਹੈ। ਹੁਣ ਤੱਕ ਪਾਰਾ 0.6 ਡਿਗਰੀ ਤੱਕ ਪਹੁੰਚ ਚੁੱਕਾ ਹੈ।

# ਚੰਡੀਗੜ੍ਹ ਨਗਰ ਨਿਗਮ ਦਾ ਐਕਸੀਅਨ ਮੁਅੱਤਲ, ਦਿਲਜੀਤ ਦੁਸਾਂਝ ਦੇ ਸ਼ੋਅ ਚ ਲਗਾਏ ਗਏ ਸੀ ਮੋਬਾਈਲ ਟਾਵਰ, ਅਧਿਕਾਰੀਆਂ ਤੋਂ ਨਹੀਂ ਲਈ ਗਈ ਇਜਾਜ਼ਤ

ਚੰਡੀਗੜ੍ਹ (ਲੋਕ ਬਾਣੀ)- ਹਾਲ ਹੀ ਵਿੱਚ ਚੰਡੀਗੜ੍ਹ ਵਿੱਚ ਹੋਏ ਦਿਲਜੀਤ ਦੁਸਾਂਝ ਦੇ ਸ਼ੋਅ ਵਿੱਚ ਆਰਜ਼ੀ ਮੋਬਾਈਲ ਟਾਵਰ ਲਗਾਉਣ ਦੀ ਮਨਜ਼ੂਰੀ ਦੇਣ ਵਾਲੇ ਨਗਰ ਨਿਗਮ ਰੋਡ ਡਿਵੀਜ਼ਨ ਨੰਬਰ 3 ਦੇ ਕਾਰਜਕਾਰੀ ਇੰਜਨੀਅਰ (ਐਕਸ.ਈ.ਐਨ.) ਅਜੈ ਗਰਗ ਨੂੰ ਨਿਗਮ ਕਮਿਸ਼ਨਰ ਅਮਿਤ ਕੁਮਾਰ ਦੀਆਂ ਹਦਾਇਤਾਂ 'ਤੇ ਮੁਅੱਤਲ ਕਰ ਦਿੱਤਾ ਗਿਆ ਹੈ। ਇਹ ਕਾਰਵਾਈ ਟਾਵਰ ਲਗਾਉਣ ਦੀ ਪ੍ਰਕਿਰਿਆ ਵਿੱਚ ਬੇਨਿਯਮੀਆਂ ਕਰਨ ਅਤੇ ਸੀਨੀਅਰ ਅਧਿਕਾਰੀਆਂ ਦੀ ਇਜਾਜ਼ਤ ਲਏ ਬਿਨਾਂ ਫੈਸਲੇ ਲੈਣ ਦੇ ਦੋਸ਼ਾਂ ਤਹਿਤ ਕੀਤੀ ਗਈ ਹੈ।ਤੁਹਾਨੂੰ ਦੱਸ ਦੇਈਏ ਕਿ 13 ਦਸੰਬਰ ਨੂੰ ਭਾਰਤੀ ਏਅਰਟੈੱਲ ਲਿਮਟਿਡ ਨੂੰ ਸੈਕਟਰ-34 ਸਥਿਤ ਪ੍ਰਦਰਸ਼ਨੀ ਮੈਦਾਨ ਵਿੱਚ ਤਿੰਨ ਅਸਥਾਈ ਮੋਬਾਈਲ ਟਾਵਰ ਲਗਾਉਣ ਦੀ ਇਜਾਜ਼ਤ ਦਿੱਤੀ ਗਈ ਸੀ। ਇਹ ਟਾਵਰ ਬਿਹਤਰ ਨੈੱਟਵਰਕ ਕਵਰੇਜ ਲਈ 14 ਦਸੰਬਰ ਨੂੰ ਦਿਲਜੀਤ ਦੋਸਾਂਝ ਦੇ ਸ਼ੋਅ ਦੌਰਾਨ ਲਗਾਏ ਗਏ ਸਨ। ਇਸ ਦੇ ਲਈ ਕੰਪਨੀ ਨੇ ਨਗਰ ਨਿਗਮ ਦੇ ਖਾਤੇ ਵਿੱਚ 20 ਹਜ਼ਾਰ ਰੁਪਏ ਫੀਸ ਜਮ੍ਹਾਂ ਕਰਵਾਈ ਸੀ।

ਹਾਲਾਂਕਿ ਐਕਸੀਅਨ ਨੇ ਆਪਣੇ ਪੱਧਰ ਤੇ ਇਹ ਮਨਜ਼ੂਰੀ ਦਿੱਤੀ ਸੀ ਅਤੇ ਨਿਗਮ ਦੇ ਸੀਨੀਅਰ ਅਧਿਕਾਰੀਆਂ ਤੋਂ ਇਸ ਸਬੰਧੀ ਕੋਈ ਮਨਜ਼ੂਰੀ ਨਹੀਂ ਲਈ ਗਈ ਸੀ। ਇਸ ਗੰਭੀਰ ਬੇਨਿਯਮੀ ਦਾ ਨੋਟਿਸ ਲੈਂਦਿਆਂ ਨਗਰ ਨਿਗਮ ਕਮਿਸ਼ਨਰ ਅਮਿਤ ਕੁਮਾਰ ਨੇ ਚੀਫ਼ ਇੰਜਨੀਅਰ ਨੂੰ ਜਾਂਚ ਦੇ ਹੁਕਮ ਦਿੱਤੇ ਹਨ। ਇਸ ਤੋਂ ਬਾਅਦ ਚੀਫ ਇੰਜਨੀਅਰ ਨੇ ਅਜੇ ਗਰਗ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਤਿੰਨ ਦਿਨਾਂ ਵਿੱਚ ਜਵਾਬ ਮੰਗਿਆ ਹੈ।



ਜਾਂਚ ਦੌਰਾਨ ਤਸੱਲੀਬਖਸ਼ ਜਵਾਬ ਨਾ ਮਿਲਣ ਅਤੇ ਪ੍ਰਕਿਰਿਆ ਦੀ ਉਲੰਘਣਾ ਸਾਬਤ ਹੋਣ ਤੇ ਅਜੇ ਗਰਗ ਨੂੰ ਮੁਅੱਤਲ ਕਰ ਦਿੱਤਾ ਗਿਆ। ਨਿਗਮ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਅਜਿਹੇ ਕਿਸੇ ਵੀ ਮਾਮਲੇ ਵਿੱਚ ਨਿਯਮਾਂ ਦੀ ਅਣਦੇਖੀ ਬਰਦਾਸ਼ਤ ਨਹੀਂ ਕੀਤੀ

# ਮਾਤਾ ਮਨਸਾ ਦੇਵੀ ਮੰਦਿਰ ਸਤਨਾਮਪੁਰਾ ਵਿਖੇ ਪੌਸ਼ ਮਹੀਨੇ ਦੀ ਨਵਮੀ ਨੂੰ ਸਮਰਪਿਤ ਔਰਤਾਂ ਦਾ ਸੰਕੀਰਤਨ ਕਰਵਾਇਆ ਗਿਆ।



ਫਗਵਾੜਾ (ਸੁਸ਼ੀਲ ਸ਼ਰਮਾ) ਮਾਤਾ ਸ਼੍ਰੀ ਜਵਾਲਾ ਜੀ (ਮਨਸਾ ਦੇਵੀ) ਮੰਦਿਰ ਸਤਨਾਮਪੁਰਾ ਫਗਵਾੜਾ ਵਿਖੇ ਪੌਸ਼ ਮਹੀਨੇ ਦੀ ਨੌਵੀਂ ਤਰੀਕ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਮਨਸਾ ਦੇਵੀ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਮਾਤਾ ਰਾਣੀ ਦੀ ਮਹਿਮਾ ਦਾ ਸੁੰਦਰ ਗਾਇਨ ਕੀਤਾ ਗਿਆ। ਮਾਤਾ ਦੇ ਸ਼ਰਧਾਲੂਆਂ ਅਤੇ ਸ਼ਰਧਾਲੂਆਂ ਨੇ ਮੰਦਰ ਪਰਿਸਰ ਵਿੱਚ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਪੂਜਾ ਕੀਤੀ। ਅੰਤ ਵਿੱਚ ਮਹਾਂ ਆਰਤੀ ਕਰਵਾਈ ਗਈ। ਮੰਦਰ ਕਮੇਟੀ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਹਿੰਦੂ ਧਰਮ ਵਿੱਚ ਪੌਸ਼ ਮਹੀਨੇ ਦਾ ਵਿਸ਼ੇਸ਼ ਮਹੱਤਵ ਹੈ। ਇਸ ਮਹੀਨੇ ਨੂੰ ਪੂਸ ਮਹੀਨਾ ਵੀ ਕਿਹਾ ਜਾਂਦਾ ਹੈ। ਇਸ ਮਹੀਨੇ ਦਾਨ ਕਰਨਾ, ਇਸ਼ਨਾਨ ਕਰਨਾ ਅਤੇ ਜਪ ਕਰਨਾ ਬਹੁਤ ਸ਼ੁਭ ਮੰਨਿਆ ਜਾਂਦਾ ਹੈ। ਪੌਸ਼ਾ ਦੇ ਮਹੀਨੇ ਭਗਵਾਨ ਸੂਰਜ ਦੀ ਪੂਜਾ ਦਾ ਵਿਸ਼ੇਸ਼ ਮਹੱਤਵ ਹੈ।

ਅਜਿਹਾ ਮੰਨਿਆ ਜਾਂਦਾ ਹੈ ਕਿ ਪੌਸ਼ ਮਹੀਨੇ ਦੇ ਐਤਵਾਰ ਨੂੰ ਵਰਤ ਰੱਖਣ ਦੇ ਨਾਲ-ਨਾਲ ਤਿਲ ਦੇ ਚੌਲਾਂ ਦੀ ਖਿਚੜੀ ਬਣਾ ਕੇ ਭਗਵਾਨ ਸੂਰਜ ਨੂੰ ਚੜ੍ਹਾਉਣ ਨਾਲ ਸ਼ੁਭ ਫਲ ਮਿਲਦਾ ਹੈ। ਇਸ ਨਾਲ ਵਿਅਕਤੀ ਚਮਕਦਾਰ ਅਤੇ ਜੋਸ਼ਦਾਰ ਹੋ ਜਾਂਦਾ ਹੈ। ਧਾਰਮਿਕ ਪ੍ਰੋਗਰਾਮ ਉਪਰੰਤ ਸ਼੍ਰੀ ਸਵਾਮੀ ਸ਼ੰਕਰ ਨਾਥ ਪਰਵਤ ਮੱਠ ਚੈਰੀਟੇਬਲ ਐਂਡ ਵੈਲਫੇਅਰ ਟਰੱਸਟ ਨਕੋਦਰ ਰੋਡ ਹਦੀਆਬਾਦ ਫਗਵਾੜਾ ਦੇ ਟਰੱਸਟੀ ਮੈਂਬਰਾਂ ਵੱਲੋਂ ਸਮੂਹ ਸ਼ਰਧਾਲੂਆਂ ਲਈ ਛੋਲੇ-ਕੁੱਲੇ ਦਾ ਲੰਗਰ ਲਗਾਇਆ ਗਿਆ ਅਤੇ ਹਲਵਾਈ ਦਾ ਪ੍ਰਸ਼ਾਦ ਵਰਤਾਇਆ ਗਿਆ। ਇਸ ਮੌਕੇ ਸੇਵਾਦਾਰਾਂ ਵਿਚ ਮੁੱਖ ਤੌਰ ਤੇ ਬ੍ਰਿਜ ਭੂਸ਼ਣ ਜਲੋਟਾ, ਰਣਬੀਰ ਦੁੱਗਲ, ਅਸ਼ੋਕ ਚੱਢਾ, ਲਲਿਤ ਤਿਵਾੜੀ, ਪਵਨ ਕਸ਼ਯਪ, ਪ੍ਰਕਾਸ਼ ਯਾਦਵ, ਅੰਕਿਤ ਕੁਮਾਰ ਝਾਅ ਤੋਂ ਇਲਾਵਾ ਮਹਿਲਾ ਮੰਡਲ ਤੋਂ ਸੁਮਨ ਸੇਠ, ਰੇਣੂ ਅਰੋੜਾ, ਮਾਧੁਰੀ ਸ਼ਰਮਾ, ਰਮਾ ਸ਼ਰਮਾ, ਕੁਲਵੰਤ ਕੌਰ, ਨੀਲਮ, ਡਾ. ਪ੍ਰਵੀਨ ਸ਼ਰਮਾ ਆਦਿ ਮੁੱਖ ਤੌਰ ਤੇ ਹਾਜ਼ਰ ਸਨ।

# ਜਥੇਦਾਰ ਰਣਜੀਤ ਸਿੰਘ ਰਾਣਾ ਨੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਨੂੰ ਗਰਮ ਵਸਤਰਾਂ ਦੀ ਕੀਤੀ ਵੰਡ



ਫਗਵਾੜਾ ( ਸੁਸ਼ੀਲ ਸ਼ਰਮਾ ) ਪਿੰਡ ਸਾਹਨੀ ਦੇ ਸਮਾਜ ਸੇਵਕ ਜੱਥੇਦਾਰ ਰਣਜੀਤ ਸਿੰਘ ਰਾਣਾ ਨੇ ਸਵੇਰੇ ਤੇ ਸ਼ਾਮ ਪੈਣ ਵਾਲੀ ਕੜਾਕੇ ਦੀ ਠੰਡ ਦੇ ਮੱਦੇਨਜਰ ਸਲਮ ਬਸਤੀਆਂ ਸਮੇਤ ਹੋਰ ਲੋੜਵੰਦ ਬੱਚਿਆਂ ਨੂੰ ਗਰਮ ਕਪੜਿਆਂ ਦੀ ਵੰਡ ਕੀਤੀ। ਇਸ ਦੌਰਾਨ ਉਹਨਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਹਰੇਕ ਵਿਅਕਤੀ ਨੂੰ ਆਪਣੀ ਨੇਕ ਕਮਾਈ ਵਿਚੋਂ ਦੱਸਵੰਦ ਕੱਢ ਕੇ ਲੋੜਵੰਦਾਂ ਦੀ ਸੇਵਾ ਸਹਾਇਤਾ ਲਈ ਖਰਚ ਕਰਨ ਦਾ ਜੋ ਉਪਦੇਸ਼ ਦਿੱਤਾ ਹੈ। ਉਸ ਤੇ ਅਮਲ ਕਰਦਿਆਂ ਉਹਨਾਂ ਨੇ ਇਹ ਛੋਟਾ ਜਿਹਾ ਉਪਰਾਲਾ ਕੀਤਾ ਹੈ। ਉਹਨਾਂ ਭਰੋਸਾ ਦਿੱਤਾ ਕਿ ਅੱਗੇ ਤੋਂ ਵੀ ਅਜਿਹੇ ਉਪਰਾਲੇ ਜਾਰੀ ਰੱਖਣਗੇ। ਇੱਥੇ ਜਿਕਰਯੋਗ ਹੈ ਕਿ ਜੱਥੇਦਾਰ ਰਣਜੀਤ ਸਿੰਘ ਰਾਣਾ ਹਮੇਸ਼ਾ ਧਾਰਮਿਕ ਅਤੇ ਸਮਾਜਿਕ ਖੇਤਰ ਵਿਚ ਸਰਗਰਮ ਰਹਿੰਦੇ ਹਨ। ਇਸ ਮੌਕੇ ਬੀਬੀ ਕਸ਼ਮੀਰ ਕੌਰ ਕਾਹਲੋਂ, ਡਾ. ਸਤਵਿੰਦਰ ਕੌਰ, ਮਨਜਿੰਦਰ ਕੌਰ, ਮਨੂੰ, ਕਵਿਤਾ, ਰਾਮ ਸ਼੍ਰੀ, ਚਮਨ ਸਿੰਘ, ਸ਼ਕੁੰਤਲਾ, ਪਰਮਜੀਤ ਕੌਰ, ਮੇਜਰ ਸਿੰਘ, ਪ੍ਰੀਤੀ, ਸੁਨੀਤਾ, ਗੁਰਦੇਵ ਕੌਰ, ਮਨਜਿੰਦਰ ਸਿੰਘ, ਮਨਪ੍ਰੀਤ ਸਿੰਘ ਮਨੀ, ਕੁਲਦੀਪ ਸਿੰਘ ਆਦਿ ਹਾਜਰ ਸਨ।

# ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਵਸ ਅਤੇ ਚਮਕੌਰ ਦੀ ਗੜ੍ਹੀ ਦੇ ਸ੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ







ਫਗਵਾੜਾ ( ਸੁਸ਼ੀਲ ਸ਼ਰਮਾ ) ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ,ਸ.ਬਲਦੇਵ ਸਿੰਘ ਫਗਵਾੜਾ,ਸ. ਹਰਵਿੰਦਰ ਸਿੰਘ ਬਾਵਾ ਅਤੇ ਬਾਬਾ ਸੰਗਤ ਸਿੰਘ ਖਾਲਸਾ ਦਲ(ਰਜਿ) ਪੰਜਾਬ ਵਲੋਂ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਦੇ ਭਰਭੂਰ ਸਹਿਯੋਗ ਨਾਲ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਵਸ ਅਤੇ ਚਮਕੌਰ ਦੀ ਗੜ੍ਹੀ ਦੇ ਸ੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਗਿਆ । ਇਸ ਸਮਾਗਮ ਵਿੱਚ ਭਾਈ ਸੁਖਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ,ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਸਾਹਿਬ , ਭਾਈ ਲਵਪ੍ਰੀਤ ਸਿੰਘ ਭੰਗੂ ਫਿਲੌਰ ਵਾਲੇ ,ਭਾਈ ਗੁਰਜੀਤ ਸਿੰਘ ਮਿਰਜ਼ਾਪੁਰੀ ਢਾਡੀ ਜਥਾ ,ਭਾਈ ਬਲਵਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ,ਗਿਆਨੀ ਕੇਵਲ ਸਿੰਘ ,ਭਾਈ ਸ਼ਮਸੇਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਆਦਿ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ । ਸ਼ਹਿਰ ਅਤੇ ਇਲਾਕੇ ਦੀਆਂ ਸੰਗਤਾਂ ਵੇ ਵੱਡੀ ਗਿਣਤੀ ਵਿੱਚ ਸਮਾਗਮ ਵਿੱਚ ਹਾਜ਼ਰੀ ਲਗਵਾਈ ।ਸੰਗਤਾਂ ਲਈ ਚਾਹ,ਦੁੱਧ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਸਟੇਜ ਸਕੱਤਰ ਦੀ ਸੇਵਾ ਭਾਈ ਅਮ੍ਰਿਤਪਾਲ ਸਿੰਘ ਹੈਡ ਗ੍ਰੰਥੀ ਅਤੇ ਜਤਿੰਦਰ ਸਿੰਘ ਖਾਲਸਾ ਨੇ ਬਾਖੂਬੀ ਨਿਭਾਈ ।ਇਸ ਮੌਕੇ ਸ. ਨਰਿੰਦਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ, ਸ.ਜਤਿੰਦਰ ਸਿੰਘ ਖਾਲਸਾ, ਮਨਦੀਪ ਸਿੰਘ ਸੰਧੂ,,ਰਜਿੰਦਰ ਸਿੰਘ ਚੰਦੀ,ਹਰਵਿੰਦਰ ਸਿੰਘ ਬਾਵਾ.,ਨਛੱਤਰ ਸਿੰਘ ਪੁਆਰ ਸੰਧਵਾਂ ,ਬਹਾਦਰ ਸਿੰਘ ਸੰਗਤਪੁਰ,ਅਵਤਾਰ ਸਿੰਘ ਮੰਗੀ, ਸਤਨਾਮ ਸਿੰਘ ਅਰਸ਼ੀ,ਜਸਵਿੰਦਰ ਸਿੰਘ ਘੁੰਮਣ,ਪਰਮਿੰਦਰ ਸਿੰਘ ਲਾਡੀ,ਗੁਰਦੀਪ ਸਿੰਘ ਖੇੜਾ,ਰਵਿੰਦਰ ਸਿੰਘ ਰਾਏ,ਭਾਈ ਬਲਵਿੰਦਰ ਸਿੰਘ ਹੈਡ ਗ੍ਰੰਥੀ ,ਭਾਈ ਅੰਮ੍ਰਿਤਪਾਲ ਸਿੰਘ,ਭਾਈ ਕੇਵਲ ਸਿੰਘ,ਭਾਈ ਹਰਜਿੰਦਰ ਸਿੰਘ ਸਟੋਰ ਕੀਪਰ,ਡਾਕਟਰ ਹਰਮੇਲ ਸਿੰਘ,ਅਰਵਿੰਦਰ ਸਿੰਘ ਨੀਟਾ ,ਕੁਲਵਿੰਦਰ ਸਿੰਘ ਕਿੰਦਾ , ਬੀਬੀ ਕਮਲਜੀਤ ਕੌਰ ਐਮ.ਸੀ. ,ਪਿਆਰਾ ਸਿੰਘ ਲੀਡਰ,ਸ. ਪਰਮਜੀਤ ਸਿੰਘ ਰਾਣਾ,ਜਸਪਾਲ ਸਿੰਘ ,ਜਸਵੀਰ ਸਿੰਘ ਢਿੱਲੋਂ, ਸ..ਗੁਰਨਾਮ ਸਿੰਘ ਰਸੂਲਪੁਰ ਪ੍ਰਿੰਸੀਪਲ ਸੰਤ ਦਲੀਪ ਸਿੰਘ ਮੈਮੋਰੀਅਲ ਖਾਲਸਾ ਕਾਲਜ ਡੁਮੇਲੀ,ਬੀਬੀ ਪਰਮਿੰਦਰ ਕੌਰ ਖਾਲਸਾ,ਬੀਬੀ ਸ਼ੰਤੋਸ ਕੌਰ ,ਸ. ਹਰਬਿੰਦਰ ਸਿੰਘ ਗੌਸਪੁਰ ਆਦਿ ਹਾਜ਼ਰ ਸਨ ।

# ਇਲੈਕਟ੍ਰੀਸ਼ਨ ਟਰੇਡ ਐਸੋਸੀਏਸ਼ਨ ਹਰ ਹਫਤੇ ਜਰੂਰਤਮੰਦ ਪਰਿਵਾਰਾਂ ਨੂੰ ਵੰਡ ਰਹੀ ਹੈ ਰਾਸ਼ਨ- ਬਲਬੀਰ ਭਸੀਨ



ਫਗਵਾੜਾ ( ਸੁਸ਼ੀਲ ਸ਼ਰਮਾ ) ਇਲੈਕਟਰੀਕਲ ਟਰੇਡ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਹਫਤਾਵਾਰੀ ਰਾਸ਼ਨ ਵੰਡ ਪ੍ਰੋਗਰਾਮ ਦੇ ਤਹਿਤ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਭੇਟ ਕੀਤਾ ਗਿਆ। ਧਰਮਾ ਟਰੇਡਰਜ਼,ਕਟਰਾ ਬੱਗੀਆਂ ਵਿਖੇ ਰਾਸ਼ਨ ਵੰਡ ਪ੍ਰੋਗਰਾਮ ਦੇ ਦੌਰਾਨ ਪ੍ਰਧਾਨ ਬਲਬੀਰ ਭਸੀਨ ਨੇ ਕਿਹਾ ਕਿ ਸਾਡੀ ਐਸੋਸੀਏਸ਼ਨ ਵੱਲੋਂ ਇਲੈਕਟ੍ਰੀਸ਼ਨ ਦੀਆਂ ਦੁਕਾਨਦਾਰਾਂ ਦੇ ਮਾਲਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਹਮੇਸ਼ਾ ਉਪਰਾਲੇ ਕੀਤੇ ਜਾਂਦੇ ਹਨ। ਉਸ ਦੇ ਨਾਲ ਨਾਲ ਦੁਕਾਨਾਂ ਤੇ ਕੰਮ ਕਰਨ ਵਾਲੇ ਹਜ਼ਾਰਾਂ ਕਰਮਚਾਰੀਆਂ ਅਤੇ ਸਬੰਧਤ ਪਰਿਵਾਰਾਂ ਨੂੰ ਇੱਕ ਸਾਲ ਵਿੱਚ 48 ਪ੍ਰੋਗਰਾਮ ਆਯੋਜਿਤ ਕਰਦੇ ਹੋਏ ਰਾਸ਼ਨ ਵੀ ਦਿੱਤਾ ਜਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਸਾਡੀ ਸੰਸਥਾ ਏਕਨੂਰ ਸੇਵਾ ਟਰੱਸਟ ਵੱਲੋਂ ਪਿਛਲੇ 13 ਸਾਲਾਂ ਤੋਂ ਹਰ ਮਹੀਨੇ ਭਗਤਾਂ ਨੂੰ ਮੰਦਿਰ ਮਾਤਾ ਚਿੰਤਪੁਰਨੀ ਤੋਂ ਇਲਾਵਾ ਵੱਖ-ਵੱਖ ਮੰਦਰਾਂ ਅਤੇ ਗੁਰਧਾਮਾਂ ਦੇ ਦਰਸ਼ਨ ਵੀ ਕਰਵਾਏ ਜਾਂਦੇ ਹਨ। ਟਰੱਸਟ ਵੱਲੋਂ ਖੂਨਦਾਨ ਕੈਂਪ ਮੈਡੀਕਲ ਕੈਂਪ ਦੇ ਨਾਲ ਨਾਲ ਲੜਕੇ ਨੂੰ ਸਵੈ ਰੁਜ਼ਗਾਰ ਬਣਾਉਣ ਲਈ ਬਿਊਟੀ ਪਾਰਲਰ ਅਤੇ ਸਲਾਈ ਸੈਂਟਰ ਤੇ ਕੋਰਸ ਸਮੇਤ ਹੋਰ ਵੀ ਸਮਾਜ ਸੇਵੀ ਕੰਮ ਕੀਤੇ ਜਾ ਰਹੇ ਹਨ। ਉਹਨਾਂ ਨੇ ਕਿਹਾ ਕਿ ਸਾਡੀ ਸੰਸਥਾ ਵੱਲੋਂ ਚਲਦੇ ਹੋਏ ਸਮਾਜ ਸੇਵੀ ਕੰਮ ਲਗਾਤਾਰ ਜਾਰੀ ਰੱਖੇ ਜਾਣਗੇ। ਇਸ ਮੌਕੇ ਤੇ ਕੈਸ਼ੀਅਰ ਹਰਜੀਤ ਸਿੰਘ, ਕਲਸੀ,ਰਣਜੀਤ ਸਿੰਘ ਅਰੋੜਾ,ਸੰਦੀਪਨ ਪੁਰੀ, ਗੁਰਜੀਤ ਸਿੰਘ,ਸਮੀਰ ਅਰੋੜਾ,ਰਾਹੁਲ ਸ਼ਰਮਾ ਵੀ ਮੌਜੂਦ ਸਨ।

# ਅੰਮ੍ਰਿਤਸਰ ਵਿੱਚ ਆਪਣਾ ਮੇਅਰ ਬਣਾਉਣ ਲਈ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਵਿੱਚ ਸ਼ੁਰੂ ਹੋਈ ਕਸ਼ਮਕਸ਼



ਫ਼ਗਵਾੜਾ (ਸੁਸ਼ੀਲ ਸ਼ਰਮਾ) ਨਗਰ ਨਿਗਮ ਦੀਆਂ ਚੋਣਾਂ ਦੇ ਨਤੀਜੇ ਆਉਣ ਤੋਂ ਬਾਅਦ ਵੀ ਗੁਰੂ ਨਗਰੀ ਦੇ ਵਿੱਚ ਕਿਸੇ ਇੱਕ ਪਾਰਟੀ ਦਾ ਮੇਅਰ ਬਣਦਾ ਨਜ਼ਰ ਨਹੀਂ ਆ ਰਿਹਾ ਹੈ। ਕਿਸੇ ਵੀ ਪਾਰਟੀ ਨੂੰ ਆਪਣਾ ਮੇਅਰ ਬਣਾਉਣ ਲਈ 46 ਕੌਂਸਲਰ ਇੱਕਜੁੱਟ ਹੋਣੇ ਜਰੂਰੀ ਹਨ। ਨਤੀਜਿਆਂ ਦੇ ਮੁਤਾਬਕ ਸਭ ਤੋਂ ਜਿਆਦਾ ਕਾਂਗਰਸ ਕੋਲ ਇਕ ਆਜ਼ਾਦ ਉਮੀਦਵਾਰ ਸਮੇਤ 41,ਆਮ ਆਦਮੀ ਪਾਰਟੀ ਦੇ 24,ਭਾਜਪਾ ਦੇ 9,ਅਕਾਲੀ ਦਲ ਬਾਦਲ ਦੇ 4 ਅਤੇ 8 ਅਜ਼ਾਦ ਉਮੀਦਵਾਰ ਜੇਤੂ ਰਹੇ ਹਨ।

ਆਮ ਆਦਮੀ ਪਾਰਟੀ ਦੀ ਮੌਜੂਦਾ ਸਰਕਾਰ ਹੋਣ ਦੇ ਚਲਦਿਆਂ ਕਰੀਬ ਸਵਾ ਦੋ ਸਾਲ ਸਰਕਾਰ ਦਾ ਸਮਾਂ ਅਜੇ ਬਾਕੀ ਹੈ। ਹਰ ਇੱਕ ਕੌਂਸਲਰ ਆਪਣੀ ਟਰਮ ਦੇ ਦੌਰਾਨ ਵਿਕਾਸ ਕੰਮ ਕਰਾਉਣ ਲਈ ਵੀ ਚਾਹਵਾਨ ਹੋਵੇਗਾ। ਇਸੇ ਸਪਨੇ ਨੂੰ ਸਕਾਰ ਕਰਨ ਲਈ ਆਮ ਆਦਮੀ ਪਾਰਟੀ ਦੇ 24 ਕੌਂਸਲਰ ਹੋਣ ਦੇ ਬਾਵਜੂਦ ਆਪਦੇ ਉੱਚ ਨੇਤਾ 46 ਦੇ ਅੰਕੜੇ ਤੱਕ ਪਹੁੰਚਣ ਲਈ ਆਜ਼ਾਦ ਅਤੇ ਦੂਸਰੀਆਂ ਪਾਰਟੀਆਂ ਨਾਲ ਗੰਢ ਤੁੱਪ ਦੇ ਹਰ ਸੰਭਵ ਯਤਨ ਕਰ ਰਹੇ ਹਨ। ਉਹ ਤਾਂ ਦੂਸਰੇ ਪਾਸੇ ਅਗਰ ਕਾਂਗਰਸ ਦੀ ਗੱਲ ਕਰੀਏ ਤਾਂ ਇੱਕ ਦਿਨ ਪਹਿਲਾਂ ਪਾਰਟੀ ਦਫਤਰ ਵਿੱਚ ਆਯੋਜਿਤ ਬੈਠਕ ਦੇ ਦੌਰਾਨ 41 ਦੇ ਵਿੱਚੋਂ ਸਿਰਫ 23 ਕੌਂਸਲਰ ਹੀ ਪਹੁੰਚੇ ਸਨ। ਜਿਨਾਂ ਵਿੱਚ ਇੱਕ ਆਜ਼ਾਦ ਕੌਂਸਲਰ ਦੀ ਹਾਜ਼ਰੀ ਵੀ ਦੇਖੀ ਗਈ। ਜਦਕਿ 18 ਕਾਂਗਰਸੀ ਕੌਂਸਲਰ ਅਤੇ ਉਨਾਂ ਦੇ ਆਕਾ ਬੈਠਕ ਤੋਂ ਦੂਰ ਰਹੇ। ਇਸ ਤਰ੍ਹਾਂ ਕਾਂਗਰਸ ਨੂੰ ਆਪਣਾ ਮੇਅਰ ਬਣਾਉਣ ਲਈ ਪੰਜ ਹੋਰ ਕੌਂਸਲਰਾਂ ਦੀ ਜ਼ਰੂਰਤ ਹੈ। ਪਰ ਕਾਂਗਰਸੀ ਬੈਠਕ ਦੇ ਦੌਰਾਨ ਪੂਰੇ ਕੌਂਸਲਰ ਨਾ ਪਹੁੰਚਣ ਤੇ ਉਹਨਾਂ ਵਿੱਚ ਵੀ ਗੁੱਟਬੰਦੀ ਨਜ਼ਰ ਆ ਗਈ ਹੈ।

ਕਾਂਗਰਸੀ ਹਾਈ ਕਮਾਂਡ ਅਗਰ ਅੰਮ੍ਰਿਤਸਰ ਦੇ ਮੇਅਰ ਬਣਾਉਣ ਦੀ ਵਾਂਗਡੋਰ ਆਪਣੇ ਹੱਥਾਂ ਵਿੱਚ ਲੈਂਦੀ ਹੋਈ ਖਿਆਲੀ ਕੌਂਸਲਰਾਂ ਦੇ ਅੰਕੜੇ ਤੱਕ ਪਹੁੰਚ ਜਾਂਦੀ ਹੈ ਤਾਂ ਮੇਅਰ ਦੀ ਕੁਰਸੀ ਤੇ ਬਿਰਾਜਮਾਨ ਹੋਣ ਲਈ ਲਗਾਤਾਰ ਚੌਥੀ ਵਾਰ ਜੇਤੂ ਰਹੇ ਹਰਮਨ ਪਿਆਰੇ, ਮਿਲਣਸਾਰ,ਜੁਝਾਰੂ ਅਤੇ ਪਾਰਟੀ ਦੇ ਤਜਰਬੇਕਾਰ ਨੇਤਾ ਰਾਜਕੰਵਲ ਪ੍ਰੀਤ ਪਾਲ ਸਿੰਘ ਲੱਕੀ ਮੁੱਖ ਦਾਵੇਦਾਰ ਨਜ਼ਰ ਆ ਰਹੇ ਹਨ। ਨਗਰ ਨਿਗਮ ਦੇ ਇਤਿਹਾਸ ਵੱਲ ਝਾਤੀ ਮਾਰੀਏ ਤਾਂ ਇਹ ਪਹਿਲੀ ਵਾਰੀ ਹੋਇਆ ਹੈ ਕਿ ਲੱਕੀ ਅਤੇ ਉਸਦੀ ਬੇਟੀ ਡਾ.ਸ਼ੋਬਿਤ ਇਸ ਵਾਰੀ ਦੋਨੋਂ ਜੇਤੂ ਰਹੇ ਹਨ। ਕੌਂਸਲਰ ਲੱਕੀ ਵੱਲੋਂ ਸਾਲ 2012 ਤੋਂ 2017 ਦੀ ਟਰਮ ਦੇ ਦੌਰਾਨ ਕਾਂਗਰਸ ਦੇ ਸਿਰਫ ਪੰਜ ਕੌਂਸਲਰ ਹੋਣ ਦੇ ਬਾਵਜੂਦ ਵੀ ਧਾਕੜ ਤਰੀਕੇ ਦੇ ਨਾਲ ਵਿਰੋਧੀ ਪਾਰਟੀ ਕਾਂਗਰਸ ਦੀ ਧਿਰ ਦੇ ਨੇਤਾ ਵਜੋਂ ਹਮੇਸ਼ਾ ਅਹਿਮ ਭੂਮਿਕਾ ਅਦਾ ਕਰਦਿਆਂ ਆਪਣੀ ਪਾਰਟੀ ਦੀਆਂ ਉਮੀਦਾਂ ਨੂੰ ਜਿੰਦਾ ਰੱਖਿਆ।

ਇਸ ਤੋਂ ਇਲਾਵਾ ਚੰਗੇ ਕੰਮਾਂ ਨੂੰ ਦੇਖਦੇ ਹੋਏ ਪਾਰਟੀ ਵੱਲੋਂ ਪਲੈਨਿੰਗ ਬੋਰਡ ਕਮੇਟੀ ਦਾ ਸੀਨੀਅਰ ਉਪ ਚੇਅਰਮੈਨ ਪੰਜਾਬ ਦੀ ਕੁਰਸੀ ਤੇ ਰਾਜਕੰਵਲ ਪ੍ਰੀਤਪਾਲ ਸਿੰਘ ਲੱਕੀ ਨੂੰ ਬਿਰਾਜਮਾਨ ਕੀਤਾ ਗਿਆ। ਲੱਕੀ ਸਾਲ 2017 ਵਿੱਚ ਵੀ ਮੇਅਰ ਦੀ ਦੌੜ ਵਿੱਚ ਸਨ। ਉਸ ਸਮੇਂ ਕਰਮਜੀਤ ਸਿੰਘ ਰਿੰਟੂ ਵੱਲੋਂ ਮੇਅਰ ਦੀ ਕੁਰਸੀ ਦੇ ਬਿਰਾਜਮਾਨ ਹੋਣ ਦੇ ਬਾਅਦ ਲੱਕੀ ਨੂੰ ਸੀਨੀਅਰ ਡਿਪਟੀ ਮੇਅਰ ਦੀ ਆਫਰ ਵੀ ਦਿੱਤੀ ਗਈ ਸੀ। ਪਰ ਮੇਅਰ ਦਾ ਅਹੁਦਾ ਨਾ ਮਿਲਣ ਦੇ ਚੱਲਦਿਆਂ ਅੰਦਰ ਖਾਤੇ ਪ੍ਰਾਪਤ ਜਾਣਕਾਰੀ ਮੁਤਾਬਕ ਲੱਕੀ ਵੱਲੋਂ ਸੀਨੀਅਰ ਡਿਪਟੀ ਮੇਅਰ ਦਾ ਅਹੁਦੇ ਦੇ ਬਿਰਾਜਮਾਨ ਹੋਣ ਦੀ ਵੀ ਨਾਂਹ ਕਰ ਦਿੱਤੀ ਗਈ ਸੀ। ਉਹਨਾਂ ਕੋਲ ਅਫਸਰਾਂ ਨਾਲ ਕੰਮ ਕਰਨ ਅਤੇ ਕਰਾਉਂਣ ਦਾ ਕਾਫੀ ਤਜਰਬਾ ਹਾਸਲ ਹੈ। ਕਾਂਗਰਸ ਵਿੱਚ ਇਸ ਤੋਂ ਇਲਾਵਾ ਦੋ ਵਾਰੀ ਕੌਂਸਲਰ ਰਹੇ ਵਿਕਾਸ ਸੋਨੀ ਦੀ ਡਿਪਟੀ ਮੁੱਖ ਮੰਤਰੀ ਰਹੇ ਓਮ ਪ੍ਰਕਾਸ਼ ਸੋਨੀ ਦੇ ਚੱਲਦਿਆਂ ਪਾਰਟੀ ਹਾਈ ਕਮਾਂਡ ਵਿੱਚ ਚੰਗੀ ਪਕੜ ਹੈ। ਉਹ ਵੀ ਮੇਅਰ ਦੀ ਕੁਰਸੀ ਦੇ ਬਿਰਾਜਮਾਨ ਹੋਣ ਲਈ ਦੌੜ ਦੇ ਵਿੱਚ ਹਨ।



# ਵਿਕਾਸ ਦੇ ਕਾਰਜਾਂ ਵਿੱਚ ਵਰਤੇ ਜਾਣ ਵਾਲੇ ਮਟੀਰੀਅਲ ਦਾ ਰੱਖਿਆ ਜਾਵੇ ਖਾਸ ਧਿਆਨ-ਡਿਪਟੀ ਕਮਿਸ਼ਨਰ

ਫ਼ਗਵਾੜਾ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਕੰਮਾਂ ਦੀ ਸਮੀਖਿਆ ਕਰਦਿਆਂ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰਾਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਵਰਤੇ ਜਾਣ ਵਾਲੇ ਮਟੀਰੀਅਲ ਦਾ ਖਾਸ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਉਹ ਆਪ ਵਿਕਾਸ ਕਾਰਜਾਂ ਦਾ ਨਰੀਖਣ ਕਰਨਗੇ ਅਤੇ ਜੇਕਰ ਕਿਤੇ ਵੀ ਮਟੀਰੀਅਲ ਦੀ ਗੁਣਵੱਤਾ ਵਿੱਚ ਕਮੀ ਪਾਈ ਗਈ ਤਾਂ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਗਨਰੇਗਾ ਸਕੀਮ ਅਧੀਨ ਪਿੰਡਾਂ ਦੇ ਵਿਅਕਤੀਆਂ ਨੂੰ ਵੱਧ ਤੋਂ ਵੱਧ ਕੰਮ ਮੁਹੱਈਆ ਕਰਵਾਇਆ ਜਾਵੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਵਿੱਚ ਕੋਈ ਵੀ ਅਣਗਹਿਲੀ ਬਰਦਾਸ਼ ਨਹੀਂ ਕੀਤੀ ਜਾਵੇਗੀ। ਉਨਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਤੇਜੀ ਲਿਆਂਦੀ ਜਾਵੇ ਅਤੇ ਸਾਰੇ ਵਿਕਾਸ ਕਾਰਜ ਪਾਰਦਰਸ਼ਤਾ ਢੰਗ ਨਾਲ ਹੋਣੇ ਚਾਹੀਦੇ ਹਨ। ਉਨਾਂ ਸਮੂਹ ਬੀ.ਡੀ.ਪੀ.ਓਜ਼ ਨੂੰ ਹਦਾਇਤ ਕੀਤੀ ਕਿ ਉਹ ਮੁਕੰਮਲ ਹੋ ਚੁੱਕੇ ਵਿਕਾਸ ਕਾਰਜਾਂ ਦੇ ਯੂਟੀਲਾਈਜੇਸਨ ਸਰਟੀਫਿਕੇਟ ਤੁਰੰਤ ਜਮ੍ਹਾਂ ਕਰਵਾਉਣ।




ਡਿਪਟੀ ਕਮਿਸ਼ਨਰ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕਿਹਾ ਕਿ ਬਾਇਓਰੈਂਡੀਮੇਸ਼ਨ ਦੇ ਕੰਮ ਵਿੱਚ ਹੋਰ ਤੇਜੀ ਲਿਆਂਦੀ ਜਾਵੇ। ਉਨਾਂ ਅਧਿਕਾਰੀਆਂ ਨੂੰ ਕਿਹਾ ਕਿ ਬੀਆਰਟੀਐਸ ਬੱਸਾਂ ਦੀ ਸਰਵਿਸ ਨੂੰ ਮਾਨਾਂਵਾਲਾ ਤੱਕ ਕਰਨ ਲਈ ਘੋਖ ਕੀਤੀ ਜਾਵੇ। ਉਨਾਂ ਨਿਗਮ ਦੇ ਅਧਿਕਾਰੀਆਂ ਨੂੰ ਜ਼ੋਰ ਦੇ ਕੇ ਕਿਹਾ ਕਿ ਸ਼ਹਿਰ ਵਿੱਚ ਸਾਫ਼ ਸਫ਼ਾਈ ਵਿਵਸਥਾ ਦਾ ਖਾਸ ਧਿਆਨ ਰੱਖਿਆ ਜਾਵੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਲੋਕ ਨਿਰਮਾਣ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸੜ੍ਹਕਾਂ ਦੇ ਕੰਮਾਂ ਵਿੱਚ ਤੇਜੀ ਲਿਆਂਦੀ ਜਾਵੇ।

ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਪਰਮਜੀਤ ਕੌਰ,ਸਹਾਇਕ ਕਮਿਸ਼ਨਰ ਨਗਰ ਨਿਗਮ ਸੁਰਿੰਦਰ ਸਿੰਘ,ਜਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਮਲਹੋਤਰਾ, ਐਸ.ਈ.ਨਗਰ ਨਿਗਮ ਸੰਦੀਪ ਸਿੰਘ,ਐਕਸੀਐਨ ਇੰਦਰਜੀਤ ਸਿੰਘ ਤੋਂ ਇਲਾਵਾ ਸਮੂਹ ਬੀ.ਡੀ.ਪੀ ਓਜ਼ ਹਾਜ਼ਰ ਸਨ।

# ਪਾਸਟਰ ਗਗਨ ਉੱਪਲ ਦੀ ਅਗਵਾਈ ਹੇਠ ਉਤਸ਼ਾਹ ਨਾਲ ਮਨਾਇਆ ਕ੍ਰਿਸਮਿਸ ਉਤਸਵ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰਭੂ ਯੀਸ਼ੂ ਮਸੀਹ ਦੇ ਜਨਮ ਉਤਸਵ ਕ੍ਰਿਸਮਿਸ ਨੂੰ ਸਮਰਪਿਤ ਇਕ ਸਮਾਗਮ ਪਿੰਡ ਮਾਹਲ (ਰੰਧਾਵਾ ਕਲੋਨੀ) ਗੁਰਾਇਆ ਵਿਖੇ ਕਰਵਾਇਆ ਗਿਆ। ਪਾਸਟਰ ਗਗਨ ਰੰਧਾਵਾ ਦੀ ਅਗਵਾਈ ਹੇਠ ਆਯੋਜਿਤ ਇਸ ਸਮਾਗਮ ਦੌਰਾਨ ਦੁਖੀਆਂ ਅਤੇ ਬਿਮਾਰਾਂ ਲਈ ਖਾਸ ਪ੍ਰਾਰਥਨਾ ਕੀਤੀ ਗਈ। ਪਾਸਟਰ ਗਗਨ ਉੱਪਲ ਨੇ ਪ੍ਰਵਚਨ ਕਰਦਿਆਂ ਦੱਸਿਆ ਕਿ ਪ੍ਰਭੂ ਯੀਸ਼ੂ ਮਸੀਹ ਨੇ ਆਪਣਾ ਸਾਰਾ ਜੀਵਨ ਮਨੁੱਖਤਾ ਦੀ ਭਲਾਈ ਵਿਚ ਲਗਾਇਆ। ਸਾਨੂੰ ਉਹਨਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈਣੀ ਚਾਹੀਦੀ ਹੈ। ਉਹਨਾਂ ਨੇ ਹਾਜਰੀਨ ਨੂੰ ਬਾਈਬਲ ਦੀਆਂ ਸਿੱਖਿਆਵਾਂ ਨਾਲ ਜਾਣੂ ਕਰਵਾਇਆ ਅਤੇ ਪ੍ਰਭੂ ਯੀਸ਼ੂ ਮਸੀਹ ਦੇ ਦਰਸਾਏ ਮਾਰਗ ਤੇ ਚੱਲਣ ਲਈ ਪ੍ਰੇਰਿਆ। ਸਮਾਗਮ ਦੌਰਾਨ ਬੱਚਿਆਂ ਵਲੋਂ ਕੋਰੀਓਗਰਾਫੀ, ਸਕਿੱਟਾਂ ਅਤੇ ਹੋਰ ਖੂਬਸੂਰਤ ਪੇਸ਼ਕਾਰੀਆਂ ਦਿੱਤੀਆਂ ਗਈਆਂ। ਉੱਥੇ ਹੀ ਸੰਗਤਾਂ ਨੇ ਮਸੀਹੀ ਭਜਨਾਂ ਰਾਹੀਂ ਵਾਤਾਵਰਣ ਨੂੰ ਰੂਹਾਨੀ ਰੰਗ ਵਿਚ ਰੰਗਿਆ। ਇਸ ਦੌਰਾਨ ਕ੍ਰਿਸਮਿਸ ਦਾ ਕੇਕ ਕੱਟਿਆ ਗਿਆ। ਪ੍ਰਬੰਧਕਾਂ ਵਲੋਂ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕੇ ਭਰ ਦੀਆਂ ਸੰਗਤਾਂ ਹਾਜਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਛੋਟੇ ਸ਼ਾਹਿਬਜ਼ਾਦਿਆਂ ਤੇ ਮਾਤਾ ਗੁਜਰ ਕੌਰ ਦੀ ਯਾਦ ਨੂੰ ਸਮਰਪਿਤ ਲੰਗਰ ਲਗਾਇਆ



ਖਰੜ (ਕਾਲਾ ਸਿੰਘ ਸੈਣੀ )-ਛੋਟੇ ਸ਼ਾਹਿਬਜ਼ਾਦਿਆਂ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰ ਕੌਰ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਪਿੰਡ ਤ੍ਰਿਪੜੀ ਦੇ ਵਸਨੀਕਾਂ ਵਲੋਂ ਚਾਹ ਅਤੇ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਕੁਲਵੰਤ ਸਿੰਘ ਤ੍ਰਿਪੜੀ ਜਥੇਬੰਦਕ ਸਕੱਤਰ ਸ਼੍ਰੋਮਣੀ ਅਕਾਲੀ ਦਲ ਨੇ ਕਿਹਾ ਕਿ ਸ੍ਰੀ ਫਤਿਹਗੜ ਸਾਹਿਬ ਜਾਣ ਵਾਲੀਆਂ ਸੰਗਤਾਂ ਲਈ ਹਰ ਸਾਲ ਪਿੰਡ ਦੇ ਵਸਨੀਕਾਂ ਵਲੋਂ ਚਾਹ ਅਤੇ ਪਕੌੜਿਆਂ ਦਾ ਲੰਗਰ ਲਗਾਇਆ ਜਾਂਦਾ ਹੈ। ਇਸ ਮੌਕੇ ਨੌਜਵਾਨਾਂ ਵਲੋਂ ਸ਼ਰਧਾ ਭਾਵਨਾਂ ਨਾਲ ਲੰਗਰ ਦੀ ਸੇਵਾ ਕੀਤੀ। ਇਸ ਮੌਕੇ ਕੁਲਵੰਤ ਸਿੰਘ ਸਰਪੰਚ ਤ੍ਰਿਪੜੀ,ਕਲਮ ਖਟੜਾ,ਪਰਵਿੰਦਰ ਸਿੰਘ,ਮਨਦੀਪ ਸਿੰਘ,ਹਰਦਰਸ਼ਨ ਸਿੰਘ ਖੱਟੜਾ,ਹਰਭਜਨ ਸਿੰਘ,ਗੱਗੀ,ਪਿੰਦੀ ਸ਼ੇਰਗਿੱਲ,ਜੋਨੀ,ਸੋਨਾ,ਕਮਲ ਸ਼ੇਰਗਿੱਲ,ਹਰਸ਼,ਜਸ਼ਨ,ਗੁਰਪ੍ਰੀਤ ਸਿੰਘ,ਬਿਕਰਮ ਸਮੇਤ ਵੱਡੀ ਗਿਣਤੀ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸਨ।

# ਭਾਰਤੀ ਫ਼ੌਜ ਦੀ ਪੈਂਥਰ ਡਿਵੀਜ਼ਨ, ਵਜਰਾ ਕੋਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਕਲੀਨ ਐਂਡ ਗਰੀਨ ਮੁਹਿੰਮ ਤਹਿਤ ਤਿੱਬੜੀ ਤੋਂ ਚਾਵੇ ਪਿੰਡ ਤੱਕ ਸੜਕ ਦੀ ਸਫ਼ਾਈ ਕੀਤੀ




ਗੁਰਦਾਸਪੁਰ-ਨਵਨੀਤ ਕੁਮਾਰ - ਭਾਰਤੀ ਫ਼ੌਜ ਦੀ ਪੈਂਥਰ ਡਿਵੀਜ਼ਨ, ਵਜਰਾ ਕੋਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਸਾਂਝੇ ਤੌਰ ’ਤੇ ਤਿੱਬੜੀ ਮਿਲਟਰੀ ਸਟੇਸ਼ਨ ਨਾਲ ਲੱਗਦੇ ਪਿੰਡਾਂ ਵਿੱਚ ਚਲਾਈ ਜਾ ਰਹੀ ਕਲੀਨ ਐਂਡ ਗਰੀਨ ਮੁਹਿੰਮ ਤਹਿਤ ਅੱਜ ਤਿੱਬੜੀ ਮਿਲਟਰੀ ਸਟੇਸ਼ਨ ਦੇ ਗੇਟ ਨੰਬਰ ਇੱਕ ਤੋਂ ਪੈਟਰੋਲ ਪੰਪ ਚਾਵੇ ਤੱਕ ਸੜਕ ਦੀ ਸਫ਼ਾਈ ਕੀਤੀ ਗਈ। ਇਸ ਮੁਹਿੰਮ ਵਿੱਚ ਫ਼ੌਜ ਦੇ ਅਧਿਕਾਰੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਕਰਮਚਾਰੀ ਸ਼ਾਮਲ ਹੋਏ। ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਸਥਾਨਿਕ ਨਿਵਾਸੀਆਂ ਦੀ ਮਦਦ ਨਾਲ ਸੜਕ ਕਿਨਾਰੇ ਪਏ ਕੂੜੇ ਨੂੰ ਸਾਫ਼ ਕੀਤਾ ਗਿਆ ਅਤੇ ਨਾਲ ਹੀ ਲੋਕਾਂ ਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ ਗਿਆ। ਦੱਸਣਯੋਗ ਹੈ ਭਾਰਤੀ ਫ਼ੌਜ ਦੀ ਪੈਂਥਰ ਡਿਵੀਜ਼ਨ, ਵਜਰਾ ਕੋਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਸਾਂਝੇ ਤੌਰ ’ਤੇ ਤਿੱਬੜੀ ਮਿਲਟਰੀ ਸਟੇਸ਼ਨ ਦੇ 5 ਕਿੱਲੋਮੀਟਰ ਦੇ ਦਾਇਰੇ ਵਿੱਚ ਪੈਂਦੇ ਪਿੰਡਾਂ ਵਿੱਚ ਚਲਾਈ ਜਾ ਰਹੀ ਕਲੀਨ ਐਂਡ ਗਰੀਨ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਦੌਰਾਨ ਲੋਕਾਂ ਨੂੰ ਆਪਣਾ ਚੌਗਿਰਦਾ ਸਾਫ਼-ਸੁਥਰਾ ਤੇ ਹਰਾ-ਭਰਾ ਰੱਖਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਦੌਰਾਨ ਪੌਦੇ ਵੀ ਲਗਾਏ ਜਾ ਰਹੇ ਹਨ ਲੋਕਾਂ ਨੂੰ ਸਮਾਜਿਕ ਬੁਰਾਈਆਂ ਵਿਰੁੱਧ ਲਾਮਬੱਧ ਵੀ ਕੀਤਾ ਜਾ ਰਿਹਾ ਹੈ। ਇਹ ਮੁਹਿੰਮ ਫਰਵਰੀ 2025 ਤੱਕ ਚੱਲੇਗੀ।

# ਸਰਬ ਨੌਜਵਾਨ ਸਭਾ ਫਗਵਾੜਾ ਨੇ ਪਿੰਡ ਵਜੀਦੋਵਾਲ ਦੇ ਲੋੜਵੰਦ ਬਜ਼ੁਰਗਾਂ ਨੂੰ ਵੰਡੀਆਂ ਗਰਮ ਜਰਸੀਆਂ




ਫਗਵਾੜਾ ( ਸੁਸ਼ੀਲ ਸ਼ਰਮਾ )ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਵਲੋਂ ਸਰਦੀਆਂ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ 'ਆਓ ਪੁੰਨ ਕਮਾਈਏ' ਲੜੀ ਤਹਿਤ ਪਿੰਡ ਵਜੀਦੋਵਾਲ ਵਿਖੇ ਲੋੜਵੰਦ ਬਜੁਰਗਾਂ ਨੂੰ ਗਰਮ ਜਰਸੀਆਂ ਦੀ ਵੰਡ ਕੀਤੀ ਗਈ। ਇਸ ਮੌਕੇ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ ਪਿੰਡ ਵਜੀਦੋਵਾਲ ਵਿਖੇ ਆਯੋਜਿਤ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਪਿੰਡ ਦੇ ਸਰਪੰਚ ਰਿਪਲ ਕੁਮਾਰ ਨੇ ਸ਼ਿਰਕਤ ਕੀਤੀ। ਜਦਕਿ ਆਮ ਆਦਮੀ ਪਾਰਟੀ ਵਪਾਰ ਸੈਲ ਫਗਵਾੜਾ ਦੇ ਕੋਆਰਡੀਨੇਟਰ ਗੁਰਦੀਪ ਸਿੰਘ ਤੁਲੀ ਅਤੇ ਸਮਾਜ ਸੇਵਕ ਰਮਨ ਨਹਿਰਾ ਮੌਜੂਦ ਰਹੇ। ਸਰਪੰਚ ਰਿਪਲ ਕੁਮਾਰ ਨੇ ਸਭਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਨੇਕ ਕਾਰਜਾਂ ਵਿਚ ਸਮਾਜ ਦੇ ਸਮੂਹ ਸਮਰੱਥ ਲੋਕਾਂ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ ਕਿਉਂਕਿ ਅਜਿਹੇ ਉਪਰਾਲੇ ਆਰਥਕ ਪੱਖੋਂ ਕਮਜੋਰ ਪਰਿਵਾਰਾਂ ਦੇ ਵਿਅਕਤੀਆਂ ਲਈ ਬਹੁਤ ਹੀ ਲਾਹੇਵੰਦ ਬਣਦੇ ਹਨ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਹਾਜਰੀਨ ਨੂੰ ਸੰਬੋਧਨ ਕਰਦਿਆਂ ਸਭਾ ਵਲੋਂ ਕੀਤੇ ਜਾਂਦੇ ਸਮਾਜ ਸੇਵੀ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਭਰੋਸਾ ਦਿੱਤਾ ਕਿ ਅਜਿਹੇ ਉਪਰਾਲੇ ਅੱਗੇ ਵੀ ਜਾਰੀ ਰੱਖੇ ਜਾਣਗੇ। ਇਸ ਮੌਕੇ ਸ਼ਰਨ ਬਾਸੀ, ਸਾਹਿਬਜੀਤ ਸਿੰਘ, ਰਾਕੇਸ਼ ਕੋਛੜ, ਵਿਕਰਮਜੀਤ ਵਿੱਕੀ, ਜਸ਼ਨਪ੍ਰੀਤ ਸਿੰਘ, ਆਰ.ਪੀ. ਸ਼ਰਮਾ ਤੋਂ ਇਲਾਵਾ ਪੰਡਿਤ ਅਸ਼ੋਕ ਕੁਮਾਰ ਪੰਚ, ਮਨਜੀਤ ਲਾਲ, ਸ਼ਿਵ ਰਾਮ, ਰੇਸ਼ਮ ਲਾਲ, ਹਰਮੇਸ਼ ਲਾਲ, ਸਿਮਰ ਰਾਮ, ਸੁਰਿੰਦਰ ਪਾਲ, ਕਾਲਾ ਵਜੀਦੋਵਾਲ, ਪਰਮਜੀਤ ਸਿੰਘ ਸਮੇਤ ਹੋਰ ਪਤਵੰਤੇ ਹਾਜਰ ਸਨ।

# ਗਾਇਕ ਲੱਖੀ ਸਿੰਘ ਤੇ ਹਰਜਿੰਦਰ ਸਿੰਘ ਸਾਂਈ ਸੁਕੇਤੜੀ ਦਾ ਧਾਰਮਿਕ ਗੀਤ ‘ਖ਼ਾਲਸੇ ਦੀ ਸ਼ਾਨ ਪੱਗ’ ਕੀਤਾ ਰਿਲੀਜ਼



ਖਰੜ (ਕਾਲਾ ਸਿੰਘ ਸੈਣੀ )-ਐਚ.ਵੀ.ਐਮ. ਮਿਊਜ਼ਿਕ ਇੰਡੀਆ ਸੰਗੀਤਕ ਕੰਪਨੀ ਵਲੋਂ ਗਾਇਕ ਲੱਖੀ ਸਿੰਘ,ਗਾਇਕ ਅਤੇ ਗੀਤਕਾਰ ਹਰਜਿੰਦਰ ਸਿੰਘ ਸਾਂਈ ਸੁਕੇਤੜੀ ਦੀ ਆਵਾਜ਼ ਵਿੱਚ ਰਿਕਾਰਡ ਸਿੰਗਲ ਧਾਰਮਿਕ ਟਰੈਕ ‘ਖ਼ਾਲਸੇ ਦੀ ਸ਼ਾਨ ਪੱਗ’ ਨੂੰ ਮਸ਼ਹੂਰ ਕਾਮੇਡੀਅਨ ਬਾਲ ਮੁਕੰਦ ਸ਼ਰਮਾ ਵਲੋਂ ਰਿਲੀਜ਼ ਕੀਤਾ ਗਿਆ। ਗੀਤਾਂ ਨੂੰ ਸੰਗੀਤਕ ਵਿੱਚ ਐਮ.ਕੇ.ਵੀ ਬਿਟ ਵਲੋਂ ਸਿੰਗਾਰੀਆਂ ਹੈ। ਇਸ ਸਬੰਧੀ ਹਰਜਿੰਦਰ ਸਿੰਘ ਸਾਂਈ ਨੇ ਦੱਸਿਆ ਕਿ ਗੀਤ ਨੂੰ ਸੰਗਤਾਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਮੌਕੇ ਅੰਡਰ ਸੈਕਟਰੀ ਪ੍ਰੋਟੋਕੋਲ ਦਵਿੰਦਰ ਸਿੰਘ ਜੁਗਨੀ,ਬਲਜਿੰਦਰ ਸਿੰਘ ਤੂਰ ਐਜੂਕੇਸ਼ਨਲ ਐਂਡ ਇਮੀਗ੍ਰੇਸ਼ਨ ਕੰਸਲਟੈਂਸੀ ਮਾਛੀਵਾੜਾ ਹਾਜ਼ਰ ਸਨ।

## ਵਿਆਹ ਦੀ ਵਰੇਗੰਢ ਮੁਬਾਰਕ

ਰੋਜ਼ਾਨਾ ਲੋਕ ਬਾਣੀ
www.lokbani



ਲਖਵੀਰ ਸਿੰਘ ਸੈਣੀ ਤੇ ਮੈਡਮ ਸੁਖਵਿੰਦਰ ਪਾਲ ਨੂੰ ਵਿਆਹ ਦੀ 19ਵੀਂ ਵਰੇਗੰਢ ਮੁਬਾਰਕ

# ਗਿੱਦੜਬਾਹਾ ਇਲਾਕੇ ਦਾ ਪਹਿਲਾ ਟਾਈਮ ਕੈਪਸੂਲ ਆਦਰਸ਼ ਸੀਨੀਅਰ ਸਕੂਲ ਕੋਟਭਾਈ ਵਿਖੇ ਕੀਤਾ ਗਿਆ ਸਥਾਪਿਤ



ਗਿੱਦੜਬਾਹਾ/(ਲੋਕ ਬਾਣੀ)ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਕੋਟਭਾਈ ਵਿਖੇ 13 ਦਸੰਬਰ 2024 ਨੂੰ ਸਕੂਲ ਦੇ ਮਨਾਏ ਗਏ 25 ਵੇ ਸਥਾਪਨਾ ਦਿਵਸ ਮੌਕੇ ਕੈਬਨਿਟ ਮੰਤਰੀ ਡਾ ਬਲਜੀਤ ਕੌਰ,ਵਿਧਾਇਕ ਗਿੱਦੜਬਾਹਾ ਸ ਹਰਦੀਪ ਸਿੰਘ ਡਿੰਪੀ ਢਿੱਲੋਂ, ਅਵਤਾਰ ਸਿੰਘ ਰਾਜਪਾਲ ਡੀਐਸਪੀ,ਐਸ ਐਮ ਸੀ, ਕਮੇਟੀ ਸਮੂਹ ਪੰਚਾਇਤ ਤੇ ਸਮੂਹ ਸਟਾਫ ਦੀ ਮੌਜੂਦਗੀ ਵਿੱਚ ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦਾ ਪਹਿਲਾ ਟਾਈਮ ਕੈਪਸੂਲ ਬਣਾਇਆ ਗਿਆ, ਜਿਸ ਨੂੰ ਅੱਜ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਯਾਦਗਾਰੀ ਵਸਤੂਆਂ ਨਾਲ ਭਰਿਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਸਕੂਲ ਪ੍ਰਿੰਸੀਪਲ ਡਾ ਮਨੀਸ਼ਾ ਗੁਪਤਾ ਨੇ ਦੱਸਿਆ ਕਿ ਇਸ ਵਿੱਚ ਵਿਦਿਆਰਥੀਆਂ ਦੀਆਂ ਲਿਖਤਾਂ ਅਧਿਆਪਕ ਅਤੇ ਵਿਦਿਆਰਥੀਆਂ ਵੱਲੋਂ ਦਿੱਤੇ ਗਏ ਸੁਝਾਅ ਤੇ ਬੈਸਟ ਆਊਟ ਆਫ ਵੇਸਟ ਤਹਿਤ ਬਣੀਆਂ ਚੀਜ਼ਾਂ, ਸਟਾਫ ਫੋਟੋ, ਸਕੂਲ ਵਿੱਚ ਚੱਲ ਰਹੇ ਨਿਯਮ ਤੇ ਹੋਰ ਗਤੀਵਿਧੀਆਂ ਆਦਿ ਟਾਈਮ ਕੈਪਸੂਲ ਵਿੱਚ ਪਾਏ ਗਏ। ਉਨ੍ਹਾਂ ਦੱਸਿਆ ਕਿ ਇਸ ਟਾਈਮ ਕੈਪਸੂਲ ਨੂੰ ਬਣਾਉਣ ਦਾ ਮੁੱਖ ਉਦੇਸ਼ ਅੱਜ ਦੇ ਸਮੇਂ ਨੂੰ ਭਵਿੱਖ ਨਾਲ ਜੋੜਨਾ ਹੈ। ਇਸ ਦੇ ਨਾਲ ਹੀ ਭਵਿੱਖ ਵਿੱਚ ਜੋ ਵੀ ਵਿਦਿਆਰਥੀ ਅਤੇ ਅਧਿਆਪਕ ਇੱਥੇ ਮੌਜੂਦ ਹੋਣਗੇ ਤਾਂ ਉਨ੍ਹਾਂ ਨੂੰ ਸਕੂਲ ਵੱਲੋਂ ਕੀਤੇ ਗਏ ਉਪਰਾਲੇ ਸੰਬੰਧੀ ਜਾਣਕਾਰੀ ਪ੍ਰਾਪਤ ਹੋਵੇਗੀ ਅਤੇ ਇਸ ਟਾਈਮ ਕੈਪਸੂਲ ਨੂੰ 2049 ਵਿੱਚ ਖੋਲਿਆ ਜਾਵੇਗਾ

# ਪੰਜਾਬ ਲੋਕ ਰੰਗ (ਯੂ.ਐਸ.ਏ)ਅਤੇ ਸਤਿਕਾਰ ਰੰਗ ਮੰਚ ਮੋਹਾਲੀ ਦੀ ਟੀਮ ਵਲੋਂ ਪਿੰਡ ਘੜੂੰਆਂ ਵਿਖੇ ਖੇਡਿਆ ਨਾਟਕ ਜ਼ਫਰਨਾਮਾ

ਖਰੜ (ਕਾਲਾ ਸਿੰਘ ਸੈਣੀ )-ਪੰਜਾਬ ਲੋਕ ਰੰਗ (ਯੂ. ਐਸ.ਏ)ਅਤੇ ਸਤਿਕਾਰ ਰੰਗ ਮੰਚ (ਰਜਿ.)ਮੋਹਾਲੀ ਦੀ ਟੀਮ ਵਲੋਂ ਪਿੱਛਲੇ ਦੋ ਹਫਤੇ ਤੋਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਅੰਦਰ ਪੰਜਾਬੀ ਨਾਟਕ 'ਜ਼ਫ਼ਰਨਾਮਾ' ਦੀ ਪ੍ਰਭਵਾਸ਼ਾਲੀ ਪੇਸ਼ਕਸ਼ ਦੀ ਲੜੀ ਨੂੰ ਅੱਗੇ ਤੋਰਦਿਆਂ ਖਰੜ ਦੇ ਨੇੜਲੇ ਵਿਰਾਸਤ ਅਤੇ ਇਤਿਹਾਸ ਪੱਖੋਂ ਅਮੀਰ ਪਿੰਡ ਘੜੂੰਆਂ ਦੇ ਖੇਡ ਸਟੇਡੀਅਮ ਵਿਖੇ ਨਾਟਕ 'ਜ਼ਫ਼ਰਨਾਮਾ' ਖੇਡਿਆ ਗਿਆ। ਇਸ ਮੌਕੇ ਪ੍ਰਬੰਧਕਾਂ ਗੁਰਮੀਤ ਸਿੰਘ ਟੋਨੀ,ਪਰਮਜੀਤ ਸਿੰਘ ਸਰਪੰਚ ਬਰੌਲੀ,ਸੁਖਵਿੰਦਰ ਸਿੰਘ ਘੜੂੰਆਂ,ਬਲਜੀਤ ਸਿੰਘ ਧਨੋਆ,ਸੁਖਦੇਵ ਸਿੰਘ ਨੰਬਰਦਾਰ,ਸੁਖਦੇਵ ਸਿੰਘ ਕੈਪਟਨ,ਗੁਰਮੀਤ ਸਿੰਘ ਘੜੂੰਆਂ,ਹਰਜੀਤ ਸਿੰਘ ਮੁੰਡੀ ਅਤੇ ਹਰਮੇਲ ਸਿੰਘ ਲਾਲੀ ਵਲੋਂ ਟੀਮ ਦੀ ਸ਼ਲਾਘਾ ਕਰਦਿਆਂ ਟੀਮ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਪਾਲੀ ਧਨੌਲਾ,ਜੱਸੀ ਲੌਂਗੋਵਾਲ,ਬਲਕਰਨ ਬਰਾੜ,ਡੈਵੀ ਸਿੰਘ,ਫਿਲਮ ਨਿਰਦੇਸ਼ਕ ਮਨਦੀਪ ਬੈਨੀਪਾਲ,ਜਸਪ੍ਰੀਤ ਕਾਹਲੋਂ,ਨਰਿੰਦਰ ਢਿੱਲੋਂ, ਮੈਡਮ ਕੁਲਦੀਪ ਕੌਰ ਟਿਵਾਣਾ,ਕੌਂਸਲਰ ਸੁਖਦੇਵ ਸਿੰਘ ਪਟਵਾਰੀ ਵਲੋਂ ਵਿਸ਼ੇਸ਼ ਤੌਰ 'ਤੇ ਸਿਰਕਤ ਕੀਤੀ ਅਤੇ ਪਾਲੀ ਧਨੌਨਾ ਦੀ ਟੀਮ ਵਲੋਂ ਵੀ ਨਾਟਕ ਦੀ ਟੀਮ ਮੈਂਬਰਾਂ ਦੀ ਵਧਿਆ ਪੇਸ਼ਕਾਰੀ ਨੂੰ ਦੇਖਦੇ ਹੋਏ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਾਟਕ ਦੇ ਲੇਖਕ ਅਤੇ ਨਿਰਦੇਸ਼ਕ ਸੁਰਿੰਦਰ ਸਿੰਘ ਧਨੋਆ ਅਤੇ ਫਿਲਮ ਨਿਰਦੇਸ਼ਕ ਜਸਬੀਰ ਗਿੱਲ ਨੇ ਦੱਸਿਆ ਕਿ ਖ਼ਾਲਸੇ ਦੀ ਧਰਤੀ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼ੁਰੂ ਕੀਤੇ ਸਫ਼ਰ ਦੀ ਇਹ ਅੱਜ ਆਖਰੀ ਪੇਸ਼ਕਸ਼ ਹੈ।ਉਨਾਂ ਕਿਹਾ ਕਿ ਹਰ ਥਾਂ ਸੰਗਤਾਂ ਦੇ ਬੇਹੱਦ ਪਿਆਰ ਮਿਲਿਆ ਹੈ।ਉਨਾਂ ਨਾਟਕ ਵਿੱਚਲੇ ਕਲਾਕਾਰਾਂ ਦੀ ਜਾਣ-ਪਛਾਣ ਕਰਵਾਈ ਜਿਨਾਂ ਵਿੱਚ ਸੋਨੂੰ ਰਾਣਾ,ਜਸਵਿੰਦਰ ਸੋਖੋਂ,ਰਾਜਵੀਰ ਮਵਾ,ਦਿਲਪ੍ਰੀਤ ਕੌਰ,ਅਨੂਪ ਚੀਮਾ,ਪਰਮਪਾਲ ਸਿੰਘ,ਸੁਰਿੰਦਰ ਕੌਰ,ਗੁਵੀਰ ਸਿੰਘ, ਦਰਸ਼ਨ ਔਜਲਾ,ਸਰਬਜੀਤ ਸਿੰਘ,ਜਸਬੀਰ ਗਿੱਲ,ਹਰਸਿਮਰਨ ਕੌਰ,ਮੁਕੇਸ਼ ਕੁਮਾਰ, ਮੁਕੰਦ ਲੂੰਬਾ,ਮਿਰਜਾ,ਲੇਖਕ ਕਾਲਾ ਸਿੰਘ ਸੈਣੀ ਆਦਿ ਕਲਾਕਾਰਾਂ ਨੇ ਵਿਲੱਖਣ ਕਲਾਕਾਰੀ ਨੇ ਲੋਕਾਂ ਨੂੰ ਭਾਵੁਕ ਕਰ ਕੀਤਾ। ਲਾਈਟ ਕੰਟਰੋਲਰ,ਕੰਪਿਊਟਰ ਅਤੇ ਸਾਊਂਡ ਦੀ ਜ਼ਿਮੇਵਾਰੀ ਗੁਰਮਨ ਗਿੱਲ,ਪਰਮਜੀਤ ਸਿੰਘ ਅਤੇ ਮੈਡਮ ਸਿਮਰਨ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਦੂਰੋ-ਨੇੜਿਓ ਵੱਡੀ ਗਿਣਤੀ ਦਰਸ਼ਕ ਅਤੇ ਸਖ਼ਸ਼ੀਅਤਾਂ ਹਾਜ਼ਰ ਸਨ।



# ਇਲੈਕਟ੍ਰੀਸ਼ਨ ਟਰੇਡ ਐਸੋਸੀਏਸ਼ਨ ਹਰ ਹਫਤੇ ਜਰੂਰਤਮੰਦ ਪਰਿਵਾਰਾਂ ਨੂੰ ਵੰਡ ਰਹੀ ਹੈ ਰਾਸ਼ਨ- ਬਲਬੀਰ ਭਸੀਨ



ਅੰਮ੍ਰਿਤਸਰ, (ਲੋਕ ਬਾਣੀ)- ਇਲੈਕਟਰੀਕਲ ਟਰੇਡ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਹਫਤਾਵਾਰੀ ਰਾਸ਼ਨ ਵੰਡ ਪ੍ਰੋਗਰਾਮ ਦੇ ਤਹਿਤ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਭੇਟ ਕੀਤਾ ਗਿਆ। ਧਰਮਾ ਟਰੇਡਰਜ਼,ਕਟਰਾ ਬੱਗੀਆਂ ਵਿਖੇ ਰਾਸ਼ਨ ਵੰਡ ਪ੍ਰੋਗਰਾਮ ਦੇ ਦੌਰਾਨ ਪ੍ਰਧਾਨ ਬਲਬੀਰ ਭਸੀਨ ਨੇ ਕਿਹਾ ਕਿ ਸਾਡੀ ਐਸੋਸੀਏਸ਼ਨ ਵੱਲੋਂ ਇਲੈਕਟ੍ਰੀਸ਼ਨ ਦੀਆਂ ਦੁਕਾਨਦਾਰਾਂ ਦੇ ਮਾਲਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਹਮੇਸ਼ਾ ਉਪਰਾਲੇ ਕੀਤੇ ਜਾਂਦੇ ਹਨ। ਉਸ ਦੇ ਨਾਲ ਨਾਲ ਦੁਕਾਨਾਂ ਤੇ ਕੰਮ ਕਰਨ ਵਾਲੇ ਹਜ਼ਾਰਾਂ ਕਰਮਚਾਰੀਆਂ ਅਤੇ ਸਬੰਧਤ ਪਰਿਵਾਰਾਂ ਨੂੰ ਇੱਕ ਸਾਲ ਵਿੱਚ 48 ਪ੍ਰੋਗਰਾਮ ਆਯੋਜਿਤ ਕਰਦੇ ਹੋਏ ਰਾਸ਼ਨ ਵੀ ਦਿੱਤਾ ਜਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਸਾਡੀ ਸੰਸਥਾ ਏਕਨੂਰ ਸੇਵਾ ਟਰੱਸਟ ਵੱਲੋਂ ਪਿਛਲੇ 13 ਸਾਲਾਂ ਤੋਂ ਹਰ ਮਹੀਨੇ ਭਗਤਾਂ ਨੂੰ ਮੰਦਿਰ ਮਾਤਾ ਚਿੰਤਪੁਰਨੀ ਤੋਂ ਇਲਾਵਾ ਵੱਖ-ਵੱਖ ਮੰਦਰਾਂ ਅਤੇ ਗੁਰਧਾਮਾਂ ਦੇ ਦਰਸ਼ਨ ਵੀ ਕਰਵਾਏ ਜਾਂਦੇ ਹਨ। ਟਰੱਸਟ ਵੱਲੋਂ ਖੂਨਦਾਨ ਕੈਂਪ ਮੈਡੀਕਲ ਕੈਂਪ ਦੇ ਨਾਲ ਨਾਲ ਲੜਕੇ ਨੂੰ ਸਵੈ ਰੁਜ਼ਗਾਰ ਬਣਾਉਣ ਲਈ ਬਿਊਟੀ ਪਾਰਲਰ ਅਤੇ ਸਲਾਈ ਸੈਂਟਰ ਤੇ ਕੋਰਸ ਸਮੇਤ ਹੋਰ ਵੀ ਸਮਾਜ ਸੇਵੀ ਕੰਮ ਕੀਤੇ ਜਾ ਰਹੇ ਹਨ। ਉਹਨਾਂ ਨੇ ਕਿਹਾ ਕਿ ਸਾਡੀ ਸੰਸਥਾ ਵੱਲੋਂ ਚਲਦੇ ਹੋਏ ਸਮਾਜ ਸੇਵੀ ਕੰਮ ਲਗਾਤਾਰ ਜਾਰੀ ਰੱਖੇ ਜਾਣਗੇ। ਇਸ ਮੌਕੇ ਤੇ ਕੈਸ਼ੀਅਰ ਹਰਜੀਤ ਸਿੰਘ, ਕਲਸੀ,ਰਣਜੀਤ ਸਿੰਘ ਅਰੋੜਾ,ਸੰਦੀਪਨ ਪੁਰੀ, ਗੁਰਜੀਤ ਸਿੰਘ,ਸਮੀਰ ਅਰੋੜਾ,ਰਾਹੁਲ ਸ਼ਰਮਾ ਵੀ ਮੌਜੂਦ ਸਨ।

# ਮਲੋਟ ਦੇ ਵਿੱਚ ਸਕੂਲ ਸਫਾਈ ਕਰਮਚਾਰੀਆਂ ਨੂੰ ਤਨਖਾਹਾਂ ਸਮੇਂ ਸਿਰ ਨਾ ਮਿਲਣ ਕਾਰਨ ਪੰਜਾਬ ਸਰਕਾਰ ਨਾਲ ਕੀਤਾ ਗਿਲਾ ਸ਼ਿਕਵਾ

ਮਲੋਟ (ਲੋਕ ਬਾਣੀ) ਪੰਜਾਬ ਸਰਕਾਰ ਵੱਲੋਂ ਸਰਕਾਰੀ ਪ੍ਰਾਇਮਰੀ,ਹਾਈ ਸੈਕੰਡਰੀ ਸਕੂਲਾਂ ਵਿੱਚ ਕਰੀਬ 2 ਸਾਲ ਤੋਂ ਸਫਾਈ ਕਰਮਚਾਰੀ ਲਈ ਮਤੇ ਪਾਕੇ 3000/ ਰੁਪਏ ਪ੍ਰਤੀ ਮਹੀਨਾ ਤੇ ਰੱਖਿਆ ਗਿਆ ਸੀ। ਪਰ ਪਿਛਲੇ ਕਈ ਮਹੀਨਿਆਂ ਤੋਂ ਕੋਈ ਵੀ ਤਨਖਾਹ ਜਾ ਮਾਣ ਭੱਤਾ ਜੋਕਿ ਕੇਵਲ ਤਿੰਨ ਹਜ਼ਾਰ ਰੁਪਏ ਸੀ,ਨਹੀ ਦਿੱਤਾ ਗਿਆ, ਇਨ੍ਹਾਂ ਸ਼ਬਦਾਂ ਨਾਲ ਪੰਜਾਬ ਸਰਕਾਰ ਨਾਲ ਗ਼ਿਲਾ ਕਰਦਿਆਂ ਸਫਾਈ ਕਰਮਚਾਰੀ ਕਰਮਜੀਤ ਕੌਰ ਨੇ ਕਿਹਾ ਕਿ ਜਦੋਂ ਵੀ ਤਨਖਾਹ ਆਉਂਦੀ ਹੈ ਤਾਂ ਓਹ 2 ਤੋਂ 4 ਮਹੀਨੇ ਦੇਰੀ ਨਾਲ ਹੀ ਮਿਲਦੀ ਹੈ। ਹੁਣ ਵੀ ਕਰੀਬ 4 ਮਹੀਨੇ ਹੋ ਗਏ ਹਨ, ਉਨ੍ਹਾਂ ਨੂੰ ਤਨਖਾਹ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਸਵੇਰੇ 7-00 ਵਜੇ ਤੋਂ ਸ਼ਾਮ ਤੱਕ ਉਨ੍ਹਾਂ ਦਾ ਸਮਾਂ ਸਕੂਲਾਂ ਦੀ ਸਫਾਈ ਵਿੱਚ ਗੁਜ਼ਰ ਜਾਂਦਾ ਹੈ। ਪਰ ਦੇਰੀ ਨਾਲ ਮਿਲਦੀ ਤਨਖਾਹ ਵਜੋਂ ਉਨ੍ਹਾਂ ਨੂੰ ਦਰਪੇਸ਼ ਆਉਂਦੀਆਂ ਮੁਸ਼ਕਿਲਾਂ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਉਨ੍ਹਾਂ ਆਪਣਾ ਦਰਦ ਬਿਆਨ ਕਰਦਿਆਂ ਦੱਸਿਆ ਕਿ ਉਹ ਘਰ ਦੇ ਗੁਜ਼ਾਰੇ ਲਈ ਵਿਆਜਾ ਤੇ ਪੈਸੇ ਮੰਗ ਮੰਗ ਕੇ ਕਈ ਥਾਈ ਕਰਜਾਈ ਹੋ ਗਏ ਹਨ। ਉਨ੍ਹਾਂ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਮਹੀਨੇ ਦੀ ਹਰ 2 ਤਰੀਕ ਨੂੰ ਸਮੇਂ ਸਿਰ ਤਨਖਾਹ ਦਿੱਤੀ ਜਾਵੇ ਤਾਂ ਜੋਂ ਉਨ੍ਹਾਂ ਨੂੰ ਕਿਸੇ ਅੱਗੇ ਹੱਥ ਨਾ ਫੈਲਾਉਣੇ ਪੈਣ । ਉਨ੍ਹਾਂ ਇਹ ਮੰਗ ਵੀ ਕੀਤੀ ਕਿ ਸਫਾਈ ਕਰਮਚਾਰੀ ਦੀ ਪੋਸਟ ਰੈਗੂਲਰ ਕੀਤੀ ਜਾਵੇ ਮੈਡੀਕਲ ਸਹੂਲਤਾਂ ਵੀ ਦੂਸਰੇ ਕਰਮਚਾਰੀਆਂ ਵਾਂਗ ਹੀ ਦਿੱਤੀਆਂ ਜਾਂਣ ਅਤੇ ਉਨ੍ਹਾਂ ਦੀ ਤਨਖਾਹ ਡੀ ਸੀ ਗਰੇਡ ਅਨੁਸਾਰ ਕੀਤੀ ਜਾਵੇ। ਇਸ ਮੌਕੇ ਸੁਮਨ, ਬਲਵਿੰਦਰ ਸਿੰਘ ਚੋਕੀਦਾਰ, ਅਜੇ ਕੁਮਾਰ,ਚੰਦਰ ਪ੍ਰਕਾਸ਼, ਮੇਵਾ ਸਿੰਘ ਅਤੇ ਮੀਨੂੰ ਦੇਵੀ ਆਦਿ ਵੀ ਮੌਜੂਦ ਸਨ।



# ਦੀਨਾਨਗਰ ਪ੍ਰੈੱਸ ਕਲੱਬ ਦੀ ਮੀਟਿੰਗ ਚ ਸੀਨੀਅਰ ਪੱਤਰਕਾਰ ਡਾ. ਰਮੇਸ਼ ਸਰੰਗਲ ਦਾ ਕੇਕ ਕੱਟ ਕੇ ਮਨਾਇਆ ਜਨਮ ਦਿਨ।



ਦੀਨਾਨਗਰ, ( ਡਾ.ਰਮੇਸ਼ ਸਰੰਗਲ ) ਪਿਛਲੇ ਲੰਮੇ ਸਮੇਂ ਤੋਂ ਪੱਤਰਕਾਰੀ ਖੇਤਰ ਵਿੱਚ ਆਪਣੀਆਂ ਬਹੁ-ਕੀਮਤੀ ਸੇਵਾਵਾਂ ਨਿਭਾ ਰਹੇ ਦੀਨਾਨਗਰ ਦੇ ਪੱਤਰਕਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਦੀਨਾਨਗਰ ਪ੍ਰੈਸ ਕਲੱਬ ਦੇ ਬੈਨਰ ਹੇਠ ਇੱਕ ਨਿੱਜੀ ਹੋਟਲ ਵਿੱਚ ਹੋਈ । ਇਹ ਮੀਟਿੰਗ ਪ੍ਰੈਸ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਡਾਲਾ ਦੀ ਅਗਵਾਈ ਵਿਚ ਕੀਤੀ ਗਈ, ਜਿਸ ਤਹਿਤ ਪੱਤਰਕਾਰਾਂ ਦੀਆਂ ਨਿਰਪੱਖ ਸੇਵਾਵਾਂ ਲਈ ਹੌਸਲਾ ਅਫ਼ਜ਼ਾਈ ਕੀਤੀ ਗਈ ਅਤੇ ਕੁੱਝ ਅਹਿਮ ਮੁਦਿਆਂ ਤੇ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਕੁੱਝ ਨਵੇਂ ਮੈਂਬਰਾਂ ਦੀ ਸ਼ਮੂਲੀਅਤ ਕਰਨ ਤੇ ਵੀ ਵਿਚਾਰ ਮੰਗੇ ਗਏ ਅਤੇ ਅਗਲੀ ਮੀਟਿੰਗ ਤੱਕ ਇਸ ਸਬੰਧੀ ਫੈਸਲਾ ਰਾਖਵਾਂ ਰੱਖਿਆ ਗਿਆ ਹੈ। ਦੀਨਾਨਗਰ ਪ੍ਰੈਸ ਕਲੱਬ ਦੇ ਸਤਿਕਾਰਤ ਮੈਂਬਰ ਡਾ ਰਮੇਸ਼ ਸਰੰਗਲ ਦਾ ਜਨਮ ਦਿਨ ਹੋਣ ਕਰਕੇ ਉਹਨਾਂ ਨੂੰ ਸਾਰੇ ਮੈਂਬਰਾਂ ਨੇ ਵਧਾਈ ਦਿੱਤੀ ਅਤੇ ਕੇਕ ਕੱਟ ਕੇ ਉਨ੍ਹਾਂ ਦਾ ਜਨਮ ਦਿਨ ਮਨਾਇਆ ਗਿਆ। ਮੀਟਿੰਗ ਦੌਰਾਨ ਕਮਲ਼ ਸ਼ਰਮਾ, ਡਾ ਰਮੇਸ਼ ਸਰੰਗਲ, ਸੁਰਿੰਦਰ ਸੋਨੀ , ਸੰਜੀਵ ਟੋਨੀ, ਰਾਜੇਸ਼ ਅਲੁਣਾ, ਸ਼ਮਸ਼ੇਰ ਮਨਹਾਸ , ਅਮਿਤ ਪੰਡੋਰੀ, ਅਤੇ ਬਲਵਿੰਦਰ ਬਿੱਲਾ ਦੀ ਹਾਜ਼ਰੀ ਅਹਿਮ ਰਹੀ ।

# ਥਾਣਾ ਮੁਖੀ ਸ਼ੇਰਪੁਰ ਇੰਸਪੈਕਟਰ ਬਲਿੰਗ ਡੀਜੀਪੀ ਡਿਸਕ ਨਾਲ ਸਨਮਾਨਿਤ

ਸ਼ੇਰਪੁਰ , (ਲੋਕ ਬਾਣੀ) - ਜਿਲਾ ਸੰਗਰੂਰ ਅਧੀਨ ਆਉਂਦੇ ਕਸਬਾ ਸ਼ੇਰਪੁਰ ਵਿਖੇ ਬਤੌਰ ਥਾਣਾ ਮੁਖੀ ਸੇਵਾਵਾਂ ਨਿਭਾ ਰਹੇ ਇੰਸ .ਬਲਵੰਤ ਸਿੰਘ ਬਲਿੰਗ ਨੂੰ ਜਿਲੇ ਦੇ ਵੱਖ-ਵੱਖ ਥਾਨਿਆਂ ਅਧੀਨ ਆਉਂਦੇ ਇਲਾਕੇ ਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਅਤੇ ਆਪਣੇ ਫਰਜ ਨੂੰ ਸਮਝਦੇ ਹੋਏ ਪੂਰੀ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਬਦਲੇ ਪੰਜਾਬ ਦੇ ਡੀਜੀਪੀ ਸ੍ਰੀ ਗੌਰਵ ਯਾਦਵ ਵੱਲੋਂ ਡੀਜੀਪੀ ਡਿਸਕ ਨਾਲ ਸਨਮਾਨਿਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਇੰਸਪੈਕਟਰ ਬਲਿੰਗ ਪੰਜਾਬ ਪੁਲਿਸ ਦੇ ਉੱਚ ਕੋਟੀ ਦੇ ਅਫਸਰ ਸਾਹਿਬਾਨਾਂ ਅਤੇ ਕ੍ਰਾਈਮ ਗ੍ਰਸਤ ਇਲਾਕਿਆਂ ਵਿੱਚ ਪੂਰੀ ਨਿਡਰਤਾ ਅਤੇ ਵਫਾਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ ਜਿਲਾ ਬਰਨਾਲਾ ਦੇ ਪਿੰਡ ਅਸਪਾਲ ਕਲਾਂ ਦੇ ਜੰਮਪਲ ਇੰਸਪੈਕਟਰ ਬਲਵੰਤ ਸਿੰਘ ਬਲਿੰਗ ਨੇ ਸਥਾਨਕ ਪ੍ਰਤੀਨਿਧੀ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਪੂਰੀ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਵਿੱਚ ਕਸਰ ਨਹੀਂ ਛੱਡਦੇ, ਉਹਨਾਂ ਦੱਸਿਆ ਕਿ ਮੇਰਾ ਪਹਿਲਾ ਫਰਜ਼ ਹੈ ਕਿ ਉਹ ਅੱਜ ਆਪਣੇ ਐਸਐਸਪੀ ਸੰਗਰੂਰ ਸ੍ਰੀ ਸਰਤਾਜ ਸਿੰਘ ਚਾਹਲ , ਆਈ ਪੀ ਐਸ ਅਤੇ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਅਨੁਸਾਰ ਆਪਣੇ ਇਲਾਕੇ ਚ ਅਮਨ ਸ਼ਾਂਤੀ ਬਣਾਈ ਰੱਖਣ , ਨਸ਼ਾ ਖੋਰੀਆਂ ਦਾ ਜੜੋਂ ਖਾਤਮਾ ਕਰਨ , ਗੁੰਡਾਗਰਦੀ ਨੂੰ ਠੱਲ ਪਾਉਣ ਅਤੇ ਪੀੜਤ ਵਿਅਕਤੀਆਂ ਨੂੰ ਇਨਸਾਫ ਦੇਣ ਦੇ ਨਾਲ -ਨਾਲ ਲੋਕਾਂ ਦੇ ਜਾਨ- ਮਾਲ ਦੀ ਸੁਰੱਖਿਆ ਲਈ ਉਹ ਹਮੇਸ਼ਾ ਵਚਨਬੱਧ ਰਹੇ ਹਨ ਅਤੇ ਰਹਿਣਗੇ। ਉਹਨਾਂ ਦੀ ਇਸ ਉਪਲੱਬਧੀ ਤੇ ਇਲਾਕੇ ਦੀਆਂ ਵੱਖ-ਵੱਖ ਸੰਸਥਾਵਾਂ ਕਲੱਬਾਂ ਅਤੇ ਪੰਚਾਇਤਾਂ ਵੱਲੋਂ ਮੁਬਾਰਕਬਾਦ ਦਿੱਤੀ ਗਈ।



# ਸੁਸ਼ਾਸ਼ਨ ਸਪਤਾਹ-ਪ੍ਰਸ਼ਾਸਨ ਗਾਓਂ ਕੀ ਔਰ ਤਹਿਤ ਨੌਸ਼ਹਿਰਾ ਮੱਝਾ ਸਿੰਘ ਵਿਖੇ ਲਗਾਇਆ ਗਿਆ ਵਿਸ਼ੇਸ਼ ਕੈਂਪ

ਗੁਰਦਾਸਪੁਰ–ਨਵਨੀਤ ਕੁਮਾਰ – ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ 19 ਦਸੰਬਰ ਤੋਂ 24 ਦਸੰਬਰ ਤੱਕ ਮਨਾਏ ਜਾ ਰਹੇ ਸੁਸ਼ਾਸ਼ਨ ਸਪਤਾਹ–ਪ੍ਰਸ਼ਾਸਨ ਗਾਓਂ ਕੀ ਔਰ (ਗੁੱਡ ਗਵਰਨੈਂਸ ਵੀਕ) ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਅੱਜ ਨੌਸ਼ਹਿਰਾ ਮੱਝਾ ਸਿੰਘ ਵਿਖੇ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਵਿੱਚ ਐੱਸ.ਡੀ.ਐੱਮ. ਡਾ. ਕਰਮਜੀਤ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਮੌਕੇ ਉੱਘੇ ਜਨਤਕ ਆਗੂ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੂਥ ਪ੍ਰਧਾਨ ਮਨਦੀਪ ਸਿੰਘ ਗਿੱਲ ਵੀ ਆਪਣੇ ਸਾਥੀਆਂ ਨਾਲ ਹਾਜ਼ਰ ਸਨ। ਇਸ ਮੌਕੇ ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ ਨੇ ਕੈਂਪ ਵਿੱਚ ਪਹੁੰਚੇ ਇਲਾਕਾ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਸਬੰਧਿਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਹੱਲ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਅੱਜ ਦੇ ਇਸ ਕੈਂਪ ਦੌਰਾਨ ਵੱਖ–ਵੱਖ ਵਿਭਾਗਾਂ ਵੱਲੋਂ ਆਪਣੇ ਸਟਾਲ ਲਗਾ ਕੇ ਯੋਗ ਲਾਭਪਾਤਰੀਆਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਜ਼ਿਲ੍ਹਾ ਗੁਰਦਾਸਪੁਰ ਵਿੱਚ 40 ਸੇਵਾ ਕੇਂਦਰ ਕੰਮ ਕਰ ਰਹੇ ਹਨ ਜਿੱਥੇ ਲੋਕਾਂ ਨੂੰ 433 ਤਰ੍ਹਾਂ ਦੀਆਂ ਸੇਵਾਵਾਂ ਬਿਨਾਂ ਕਿਸੇ ਖ਼ੱਜਲ–ਖ਼ੁਆਰੀ ਦੇ ਨਿਰਧਾਰਿਤ ਸਮੇਂ ਅੰਦਰ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਗੁੱਡ ਗਵਰਨੈਂਸ ਵੀਕ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਦੀਆਂ ਹਦਾਇਤਾਂ ਗੁਰਦਾਸਪੁਰ ਤਹਿਸੀਲ ਵਿੱਚ ਵੱਖ–ਵੱਖ ਥਾਈਂ ਕੈਂਪ ਲਗਾਏ ਗਏ ਹਨ ਤਾਂ ਜੋ ਲੋਕਾਂ ਨੂੰ ਇਸ ਦਾ ਵੱਧ ਤੋਂ ਵੱਧ ਲਾਭ ਪਹੁੰਚ ਸਕੇ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਗੁਰਦਾਸਪੁਰ ਡਾ. ਰੋਮੀ ਰਾਜਾ ਨੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਵੱਖ–ਵੱਖ ਯੋਜਨਾਵਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਨੇ 108 ਨੰਬਰ ਐਂਬੂਲੈਂਸ ਸਕੀਮ ਅਤੇ ਫ਼ਰਿਸ਼ਤੇ ਯੋਜਨਾ ਬਾਰੇ ਵੀ ਲੋਕਾਂ ਨੂੰ ਜਾਗਰੂਕ ਕੀਤਾ। ਇਸ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀਆਂ ਨੇ ਵੀ ਆਪਣੇ ਵਿਭਾਗ ਦੀਆਂ ਭਲਾਈ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਉੱਘੇ ਜਨਤਕ ਆਗੂ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੂਥ ਪ੍ਰਧਾਨ ਮਨਦੀਪ ਸਿੰਘ ਗਿੱਲ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੁਸ਼ਾਸ਼ਨ ਸਪਤਾਹ–ਪ੍ਰਸ਼ਾਸਨ ਗਾਓਂ ਕੀ ਔਰ ਮੁਹਿੰਮ ਤਹਿਤ ਲਗਾਏ ਗਏ ਵਿਸ਼ੇਸ਼ ਕੈਂਪ ਲਈ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਪਿੰਡਾਂ ਵਿੱਚ ਜਾ ਕੇ ਸਹੂਲਤਾਂ ਦੇਣ ਲਈ ਸਰਕਾਰ ਤੁਹਾਡੇ ਦੁਆਰ ਯੋਜਨਾ ਸ਼ੁਰੂ ਕੀਤੀ ਗਈ ਹੈ ਜਿਸ ਦਾ ਆਮ ਲੋਕਾਂ ਨੂੰ ਵੱਡਾ ਲਾਭ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਲੋਕਾਂ ਲਈ ਵੱਡੀ ਸਹੂਲਤ ਸਾਬਤ ਹੋਣਗੇ।




ਇਸ ਮੌਕੇ ਨਾਇਬ ਤਹਿਸੀਲਦਾਰ ਅਸ਼ੋਕ ਕੁਮਾਰ, ਐੱਸ.ਐੱਮ.ਓ. ਡਾ. ਕੁਲਜੀਤ ਕੌਰ, ਸਰਪੰਚ ਹਰਮੀਤ ਸਿੰਘ, ਸਰਪੰਚ ਰਾਜੂ ਰੰਧਾਵਾ, ਸਰਪੰਚ ਮੰਗਲਜੀਤ ਸਿੰਘ, ਸਰਪੰਚ ਹੈਪੀ ਸਿੰਘ, ਗੁਰਦੀਪ ਸਿੰਘ ਸਿੱਧੂ, ਚੇਅਰਮੈਨ ਰਾਜਬੀਰ ਸਿੰਘ ਰੰਧਾਵਾ, ਅਮਨਦੀਪ ਸਿੰਘ ਗਿੱਲ, ਮਨਜੀਤ ਸਿੰਘ, ਜਸਬੀਰ ਸਿੰਘ, ਸੁਖਵਿੰਦਰ ਸਿੰਘ ਬੰਟੀ, ਬਾਬਾ ਗੁਰਮੁਖ ਸਿੰਘ, ਸਾਬ ਸਿੰਘ, ਮੁਰਾਦ ਮਸੀਹ, ਪਵਨ ਕੁਮਾਰ ਤੋਂ ਇਲਾਵਾ ਇਲਾਕੇ ਦੇ ਹੋਰ ਮੁਹਤਬਰ ਵੀ ਹਾਜ਼ਰ ਸਨ।

# ਤੇਜ਼ ਰਫਤਾਰ ਦਾ ਨਤੀਜਾ, ਦੋਸਤ ਦਾ ਜਨਮ ਦਿਨ ਦੋ ਨੌਜਵਾਨਾਂ ਦੀ ਮੌਤ ਦਾ ਦਿਨ ਬਣਿਆ



ਕਾਨਪੁਰ (ਸੁਨੀਲ ਬਾਜਪਾਈ) ਤੇਜ਼ ਰਫ਼ਤਾਰ ਵਾਹਨ ਲੋਕਾਂ ਦੀ ਜਾਨ ਲੈਣ ਵਿੱਚ ਕਾਮਯਾਬ ਹੁੰਦੇ ਜਾ ਰਹੇ ਹਨ। ਅਜਿਹੀ ਹੀ ਇੱਕ ਘਟਨਾ ਵਿੱਚ ਤੇਜ਼ ਰਫ਼ਤਾਰ ਮੋਟਰਸਾਈਕਲ 'ਤੇ ਜਾ ਰਹੇ ਇੱਕ ਨੌਜਵਾਨ ਦੀ ਅਣਪਛਾਤੇ ਵਾਹਨ ਦੀ ਟੱਕਰ ਨਾਲ ਮੌਤ ਹੋ ਗਈ। ਦੋਵੇਂ ਆਪਣੇ ਸਾਥੀ ਦੀ ਜਨਮਦਿਨ ਪਾਰਟੀ ਚ ਸ਼ਾਮਲ ਹੋ ਕੇ ਘਰ ਪਰਤ ਰਹੇ ਸਨ।

ਪ੍ਰਾਪਤ ਜਾਣਕਾਰੀ ਅਨੁਸਾਰ ਅਚਲਗੰਜ ਉਨਾਓ ਦੇ ਪਿੰਡ ਖੰਨਪੁਰਵਾ ਦਾ ਰਹਿਣ ਵਾਲਾ ਸੌਰਭ ਨਿਸ਼ਾਦ (20) ਪਿੰਡ ਵਾਸੀ ਆਪਣੇ ਦੋਸਤ ਅੰਕਿਤ ਗੌਤਮ (19) ਨਾਲ ਬਾਈਕ ਤੇ ਕਾਨਪੁਰ ਆਇਆ ਹੋਇਆ ਸੀ।

ਪੁਲਸ ਨੇ ਦੱਸਿਆ ਕਿ ਦੋਵੇਂ ਰਾਤ ਕਰੀਬ ਪੌਣੇ ਦੋ ਵਜੇ ਬਾਈਕ ਤੇ ਉਨਾਓ ਪਰਤ ਰਹੇ ਸਨ। ਇਸੇ ਦੌਰਾਨ ਗੰਗਾ ਪੁਲ 'ਤੇ ਉਨ੍ਹਾਂ ਦਾ ਮੋਟਰਸਾਈਕਲ ਕਿਸੇ ਅਣਪਛਾਤੇ ਵਾਹਨ ਨਾਲ ਟਕਰਾ ਗਿਆ। ਜਿਸ ਚ ਦੋਵਾਂ ਦੀ ਮੌਕੇ ਤੇ ਹੀ ਮੌਤ ਹੋ ਗਈ।

ਪਰਿਵਾਰਕ ਮੈਂਬਰਾਂ ਨੇ ਮੌਕੇ ਤੇ ਪਹੁੰਚੀ ਪੁਲਸ ਨੂੰ ਦੱਸਿਆ ਕਿ ਦੋਵੇਂ ਨੌਜਵਾਨ ਮ੍ਰਿਤਕ ਅੰਕਿਤ ਦੀ ਆਰ ਵਨ 5 ਬਾਈਕ ਤੇ ਜਨਮ ਦਿਨ ਦੀ ਪਾਰਟੀ ਚ ਸ਼ਾਮਲ ਹੋਣ ਲਈ ਕਾਨਪੁਰ ਆਏ ਸਨ।

ਜਾਣਕਾਰੀ ਮੁਤਾਬਕ ਅੰਕਿਤ ਆਪਣੇ ਪਰਿਵਾਰ ਚ ਸਭ ਤੋਂ ਛੋਟਾ ਸੀ। ਪਿਤਾ ਸ਼ਿਆਮੂ ਤੋਂ ਇਲਾਵਾ ਉਨ੍ਹਾਂ ਦੀ ਮਾਂ ਸਿਆ ਦੇਵੀ, ਵੱਡਾ ਭਰਾ ਆਸ਼ੀਸ਼ ਅਤੇ ਭੈਣ ਮਮਤਾ ਹੈ।

ਪਿਤਾ ਅਨੁਸਾਰ ਸੋਮਵਾਰ ਰਾਤ 8 ਵਜੇ ਦੋਵੇਂ ਇਹ ਕਹਿ ਕੇ ਨਿਕਲੇ ਸਨ ਕਿ ਕੁਝ ਸਮੇਂ ਬਾਅਦ ਵਾਪਸ ਆ ਜਾਣਗੇ। ਅੰਕਿਤ ਆਪਣੇ ਪਿਤਾ ਦੀ ਖੇਤੀ ਵਿੱਚ ਮਦਦ ਕਰਦਾ ਸੀ। ਘਟਨਾ ਤੋਂ ਬਾਅਦ ਦੋਵਾਂ ਨੌਜਵਾਨਾਂ ਦੇ ਪਰਿਵਾਰਾਂ ਚ ਹਫੜਾ–ਦਫੜੀ ਦਾ ਮਾਹੌਲ ਹੈ। ਪੁਲਿਸ ਨੇ ਮਾਮਲਾ ਦਰਜ ਕਰਕੇ ਫਰਾਰ ਡਰਾਈਵਰ ਦੀ ਭਾਲ ਕੀਤੀ ਜਾ ਰਹੀ ਹੈ।

# ਡੇਂਗੂ ਤੋਂ ਪੀੜਤ ਗਰਭਵਤੀ ਔਰਤ ਦਾ ਮੈਕਸ ਚ ਸਫਲ ਇਲਾਜ



ਚੰਡੀਗੜ੍ਹ:/ ਬਠਿੰਡਾ: (ਲੋਕ ਬਾਣੀ) ਡੇਂਗੂ ਤੋਂ ਪੀੜਤ 37 ਹਫਤਿਆਂ ਦੀ ਗਰਭਵਤੀ ਔਰਤ ਨੂੰ ਮੈਕਸ ਹਸਪਤਾਲ ਵਿਖੇ ਸਫਲ ਡਾਕਟਰੀ ਇਲਾਜ ਤੋਂ ਬਾਅਦ ਨਵੀਂ ਜ਼ਿੰਦਗੀ ਮਿਲੀ, ਜਿਸ ਨਾਲ ਉਸਦੀ ਸੁਰੱਖਿਅਤ ਜਣੇਪੇ ਨੂੰ ਯਕੀਨੀ ਬਣਾਇਆ ਗਿਆ।

31 ਸਾਲਾ ਔਰਤ ਨੂੰ ਡੇਂਗੂ ਅਤੇ ਲੇਬਰ ਦੀ ਐਮਰਜੈਂਸੀ ਨਾਲ ਮੈਕਸ ਲਿਆਂਦਾ ਗਿਆ ਸੀ। ਪਹੁੰਚਣ ਤੇ, ਉਸ ਦੀ ਪਲੇਟਲੇਟ ਗਿਣਤੀ 40,000 ਗੰਭੀਰ ਤੌਰ ਤੇ ਘੱਟ ਸੀ। ਉਸ ਨੂੰ ਤੁਰੰਤ ਮੈਕਸ ਹਸਪਤਾਲ ਵਿਖੇ ਡਾਕਟਰ ਰੀਤੂ ਗਰਗ, ਸਲਾਹਕਾਰ ਪ੍ਰਸੂਤੀ ਅਤੇ ਗਾਇਨੀਕੋਲੋਜੀ ਦੀ ਨਿਗਰਾਨੀ ਹੇਠ ਐਮਐਸਪੀ ਵਾਰਡ ਵਿੱਚ ਦਾਖਲ ਕਰਵਾਇਆ ਗਿਆ।

ਜ਼ਰੂਰੀਤਾ ਨੂੰ ਸਮਝਦੇ ਹੋਏ, ਸਿੰਗਲ ਡੋਨਰ ਪਲੇਟਲੇਟ ਕੰਨਸੈਂਟਰੇਟ (♥4♦3) ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਤੋਂ ਬਾਅਦ, ਲੇਬਰ ਨੂੰ ਪ੍ਰੇਰਿਤ ਕੀਤਾ ਗਿਆ ਅਤੇ ਇੱਕ ਸਫਲ ਡਿਲੀਵਰੀ ਪ੍ਰਾਪਤ ਕੀਤੀ ਗਈ।ਡਾ ਰਿਤੂ ਗਰਗ ਨੇ ਕਿਹਾ, ਗਰਭਵਤੀ ਔਰਤਾਂ ਗਰਭ ਅਵਸਥਾ ਦੌਰਾਨ ਜਾਂ ਜਨਮ ਸਮੇਂ ਗਰੱਭਸਥ ਸ਼ੀਸ਼ੂ ਵਿੱਚ ਡੇਂਗੂ ਵਾਇਰਸ ਦਾ ਸੰਚਾਰ ਕਰ ਸਕਦੀਆਂ ਹਨ। ਡੇਂਗੂ ਦੇ ਨੁਕਸਾਨਦੇਹ ਪ੍ਰਭਾਵ ਹੋ ਸਕਦੇ ਹਨ, ਜਿਸ ਵਿੱਚ ਗਰੱਭਸਥ ਸ਼ੀਸ਼ੂ ਦੀ ਮੌਤ, ਘੱਟ ਜਨਮ ਭਾਰ, ਅਤੇ ਸਮੇਂ ਤੋਂ ਪਹਿਲਾਂ ਜਨਮ ਸ਼ਾਮਲ ਹੈ।

ਡਾ ਗਰਗ ਨੇ ਅੱਗੇ ਦੱਸਿਆ ਕਿ ਡੇਂਗੂ ਦੇ ਕੇਸ ਮਰਦਾਂ ਦੇ ਮੁਕਾਬਲੇ ਔਰਤਾਂ ਵਿੱਚ ਜ਼ਿਆਦਾ ਦੇਖੇ ਜਾਂਦੇ ਹਨ। ਇਹ ਕੇਸ ਗੈਰ–ਗਰਭਵਤੀ ਔਰਤਾਂ ਦੇ ਮੁਕਾਬਲੇ ਗਰਭਵਤੀ ਔਰਤਾਂ ਵਿੱਚ ਗੰਭੀਰ ਡੇਂਗੂ ਦੀ ਲਾਗ ਦੇ ਵੱਧ ਜੋਖਮ ਬਾਰੇ ਜਾਗਰੂਕਤਾ ਫੈਲਾਉਣ ਦੀ ਮਹੱਤਤਾ ਨੂੰ ਉਜਾਗਰ ਕਰਦਾ ਹੈ। ਡੇਂਗੂ ਦੀ ਲਾਗ ਵਾਲੀਆਂ ਬਹੁਤ ਸਾਰੀਆਂ ਗਰਭਵਤੀ ਔਰਤਾਂ ਨੂੰ ਡੇਂਗੂ ਸਦਮਾ ਸਿੰਡਰੋਮ (4♥♥) ਹੋ ਸਕਦਾ ਹੈ, ਜਿਸ ਨਾਲ ਮੌਤ ਦਰ ਵਿੱਚ ਮਹੱਤਵਪੂਰਨ ਵਾਧਾ ਹੁੰਦਾ ਹੈ। ਤਿੰਨ ਦਿਨਾਂ ਬਾਅਦ, ਮਾਂ ਅਤੇ ਬੱਚੇ ਦੋਵਾਂ ਨੂੰ ਤੰਦਰੁਸਤ ਹਾਲਤ ਵਿੱਚ ਛੁੱਟੀ ਦੇ ਦਿੱਤੀ ਗਈ।

# ਨਿਸਾਨ, ਹੌਂਡਾ ਅਤੇ ਮਿਤਸੁਬੀਸ਼ੀ ਨੇ ਸਾਂਝੇ ਵਿਚਾਰ ਵਟਾਂਦਰੇ ਲਈ ਐਮਓਯੂ ਤੇ ਦਸਤਖਤ ਕੀਤੇ

ਚੰਡੀਗੜ੍ਹ: (ਲੋਕ ਬਾਣੀ) ਨਿਸਾਨ ਮੋਟਰ ਕੰਪਨੀ ਲਿਮਟਿਡ, ਹੌਂਡਾ ਮੋਟਰ ਕੰਪਨੀ ਲਿਮਟਿਡ ਅਤੇ ਮਿਤਸੁਬਿਸ਼ੀ ਮੋਟਰਜ਼ ਕਾਰਪੋਰੇਸ਼ਨ ਨੇ ਇੱਕ ਸਮਝੌਤੇ ਤੇ ਹਸਤਾਖਰ ਕੀਤੇ ਹਨ। ਇਸ ਦੇ ਤਹਿਤ, ਨਿਸਾਨ ਅਤੇ ਹੌਂਡਾ ਵਿਚਕਾਰ ਕੁਝ ਸਮਾਂ ਪਹਿਲਾਂ ਹਸਤਾਖਰ ਕੀਤੇ ਗਏ $® " ਵਿੱਚ ਜ਼ਿਕਰ ਕੀਤੇ ਅਨੁਸਾਰ, ਇੱਕ ਸੰਯੁਕਤ ਹੋਲਡਿੰਗ ਕੰਪਨੀ ਦੀ ਸਥਾਪਨਾ ਦੁਆਰਾ ਵਪਾਰਕ ਏਕੀਕਰਣ ਦੇ ਮਾਮਲੇ ਵਿੱਚ ਮਿਤਸੁਬੀਸ਼ੀ ਦੀ ਭਾਗੀਦਾਰੀ, ਭੂਮਿਕਾ ਅਤੇ ਤਾਲਮੇਲ ਦੀਆਂ ਸੰਭਾਵਨਾਵਾਂ ਦਾ ਪਤਾ ਲਗਾਇਆ ਜਾਵੇਗਾ।

ਨਿਸਾਨ, ਹੌਂਡਾ ਅਤੇ ਮਿਤਸੁਬੀਸ਼ੀ ਮੋਟਰਜ਼ ਨੇ 1 ਅਗਸਤ ਨੂੰ ਨਿਸਾਨ ਅਤੇ ਹੌਂਡਾ ਦਰਮਿਆਨ ਹਸਤਾਖਰ ਕੀਤੇ $® " ਦੇ ਤਹਿਤ ਤਿਆਰ ਕੀਤੇ ਫਰੇਮਵਰਕ ਦੇ ਆਧਾਰ ਤੇ ਚਰਚਾ ਕਰਨ ਲਈ ਆਪਸੀ ਸਹਿਮਤੀ ਪ੍ਰਗਟਾਈ ਹੈ।

ਖੁਫੀਆ ਅਤੇ ਬਿਜਲੀਕਰਨ ਤੇ ਕੇਂਦ੍ਰਿਤ ਰਣਨੀਤਕ ਭਾਈਵਾਲੀ ਸ਼ੁਰੂ ਕਰਨ ਲਈ ਨਿਸਾਨ ਅਤੇ ਹੌਂਡਾ ਵਿਚਕਾਰ ਇੱਕ ਐਮਓਯੂ ਤੇ ਹਸਤਾਖਰ ਕੀਤੇ ਗਏ ਹਨ। ਮਿਤਸੁਬੀਸ਼ੀ ਇਸ ਢਾਂਚੇ ਤੇ ਅੱਗੇ ਵਧਣ ਵਿਚ ਸਹਿਯੋਗ ਕਰ ਰਹੀ ਹੈ ਅਤੇ ਤਿੰਨੇ ਕੰਪਨੀਆਂ ਇਸ ਸੰਦਰਭ ਵਿਚ ਚਰਚਾ ਕਰ ਰਹੀਆਂ ਹਨ।

ਨਿਸਾਨ ਅਤੇ ਹੌਂਡਾ ਦੁਆਰਾ ਦੋਵਾਂ ਕੰਪਨੀਆਂ ਅਤੇ ਆਟੋਮੋਟਿਵ ਉਦਯੋਗ ਵਿੱਚ ਹੋ ਰਹੀਆਂ ਨਾਟਕੀ ਤਬਦੀਲੀਆਂ ਦੇ ਵਿਚਕਾਰ ਇੱਕ ਸੰਯੁਕਤ ਹੋਲਡਿੰਗ ਕੰਪਨੀ ਦੀ ਸਥਾਪਨਾ ਦੁਆਰਾ ਵਪਾਰਕ ਏਕੀਕਰਣ ਵੱਲ ਵਿਚਾਰ ਵਟਾਂਦਰੇ ਦੀ ਸ਼ੁਰੂਆਤ ਕਰਨ ਲਈ ਕੀਤੇ ਗਏ ਸਮਝੌਤੇ ਤੇ ਨਿਰਮਾਣ ਕਰਨਾ ਹੈ। ਤਿੰਨਾਂ ਕੰਪਨੀਆਂ ਨੇ ਇਸ ਏਕੀਕਰਣ ਵਿੱਚ ਮਿਤਸੁਬੀਸ਼ੀ ਮੋਟਰਜ਼ ਦੀ ਭਾਗੀਦਾਰੀ ਜਾਂ ਭੂਮਿਕਾ ਦੁਆਰਾ ਵਧੇਰੇ ਤਾਲਮੇਲ ਦੀ ਖੋਜ ਕਰਨ ਲਈ ਸਹਿਮਤੀ ਦਿੱਤੀ ਹੈ। ਮਿਤਸੁਬੀਸ਼ੀ ਦਾ ਉਦੇਸ਼ ਜਨਵਰੀ 2025 ਦੇ ਅੰਤ ਤੱਕ ਨਿਸਾਨ ਅਤੇ ਹੌਂਡਾ ਵਿਚਕਾਰ ਵਪਾਰਕ ਏਕੀਕਰਣ ਵਿੱਚ ਆਪਣੀ ਭਾਗੀਦਾਰੀ ਜਾਂ ਭੂਮਿਕਾ ਬਾਰੇ ਫੈਸਲਾ ਲੈਣਾ ਹੈ।

# ਵਿਕਾਸ ਦੇ ਕਾਰਜਾਂ ਵਿੱਚ ਵਰਤੇ ਜਾਣ ਵਾਲੇ ਮਟੀਰੀਅਲ ਦਾ ਰੱਖਿਆ ਜਾਵੇ ਖਾਸ ਧਿਆਨ-ਡਿਪਟੀ ਕਮਿਸ਼ਨਰ



ਅੰਮ੍ਰਿਤਸਰ (ਲੋਕ ਬਾਣੀ)- ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ–ਵੱਖ ਵਿਭਾਗਾਂ ਦੇ ਕੰਮਾਂ ਦੀ ਸਮੀਖਿਆ ਕਰਦਿਆਂ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰਾਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਵਰਤੇ ਜਾਣ ਵਾਲੇ ਮਟੀਰੀਅਲ ਦਾ ਖਾਸ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਉਹ ਆਪ ਵਿਕਾਸ ਕਾਰਜਾਂ ਦਾ ਨਰੀਖਣ ਕਰਨਗੇ ਅਤੇ ਜੇਕਰ ਕਿਤੇ ਵੀ ਮਟੀਰੀਅਲ ਦੀ ਗੁਣਵੱਤਾ ਵਿੱਚ ਕਮੀ ਪਾਈ ਗਈ ਤਾਂ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਗਨਰੇਗਾ ਸਕੀਮ ਅਧੀਨ ਪਿੰਡਾਂ ਦੇ ਵਿਅਕਤੀਆਂ ਨੂੰ ਵੱਧ ਤੋਂ ਵੱਧ ਕੰਮ ਮੁਹੱਈਆ ਕਰਵਾਇਆ ਜਾਵੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਵਿੱਚ ਕੋਈ ਵੀ ਅਣਗਹਿਲੀ ਬਰਦਾਸ਼ ਨਹੀਂ ਕੀਤੀ ਜਾਵੇਗੀ। ਉਨਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਤੇਜੀ ਲਿਆਂਦੀ ਜਾਵੇ ਅਤੇ ਸਾਰੇ ਵਿਕਾਸ ਕਾਰਜ ਪਾਰਦਰਸ਼ਤਾ ਢੰਗ ਨਾਲ ਹੋਣੇ ਚਾਹੀਦੇ ਹਨ। ਉਨਾਂ ਸਮੂਹ ਬੀ.ਡੀ.ਪੀ.ਓਜ਼ ਨੂੰ ਹਦਾਇਤ ਕੀਤੀ ਕਿ ਉਹ ਮੁਕੰਮਲ ਹੋ ਚੁੱਕੇ ਵਿਕਾਸ ਕਾਰਜਾਂ ਦੇ ਯੂਟੀਲਾਈਜੇਸਨ ਸਰਟੀਫਿਕੇਟ ਤੁਰੰਤ ਜਮ੍ਹਾਂ ਕਰਵਾਉਣ।

ਡਿਪਟੀ ਕਮਿਸ਼ਨਰ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕਿਹਾ ਕਿ ਬਾਇਓਰੈਂਡੀਮੇਸ਼ਨ ਦੇ ਕੰਮ ਵਿੱਚ ਹੋਰ ਤੇਜੀ ਲਿਆਂਦੀ ਜਾਵੇ। ਉਨਾਂ ਅਧਿਕਾਰੀਆਂ ਨੂੰ ਕਿਹਾ ਕਿ ਬੀਆਰਟੀਐਸ ਬੱਸਾਂ ਦੀ ਸਰਵਿਸ ਨੂੰ ਮਾਨਾਂਵਾਲਾ ਤੱਕ ਕਰਨ ਲਈ ਘੋਖ ਕੀਤੀ ਜਾਵੇ। ਉਨਾਂ ਨਿਗਮ ਦੇ ਅਧਿਕਾਰੀਆਂ ਨੂੰ ਜ਼ੋਰ ਦੇ ਕੇ ਕਿਹਾ ਕਿ ਸ਼ਹਿਰ ਵਿੱਚ ਸਾਫ਼ ਸਫ਼ਾਈ ਵਿਵਸਥਾ ਦਾ ਖਾਸ ਧਿਆਨ ਰੱਖਿਆ ਜਾਵੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਲੋਕ ਨਿਰਮਾਣ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸੜ੍ਹਕਾਂ ਦੇ ਕੰਮਾਂ ਵਿੱਚ ਤੇਜੀ ਲਿਆਂਦੀ ਜਾਵੇ।

ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਪਰਮਜੀਤ ਕੌਰ, ਸਹਾਇਕ ਕਮਿਸ਼ਨਰ ਨਗਰ ਨਿਗਮ ਸੁਰਿੰਦਰ ਸਿੰਘ, ਜਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਮਲਹੋਤਰਾ, ਐਸ.ਈ. ਨਗਰ ਨਿਗਮ ਸੰਦੀਪ ਸਿੰਘ, ਐਕਸੀਐਨ ਇੰਦਰਜੀਤ ਸਿੰਘ ਤੋਂ ਇਲਾਵਾ ਸਮੂਹ ਬੀ.ਡੀ.ਪੀ ਓਜ਼ ਹਾਜ਼ਰ ਸਨ।

# 1296 ਪੋਲਿੰਗ ਪਾਰਟੀਆਂ ਬੂਥਾਂ ਤੇ ਚੋਣ ਡਿਊਟੀ ਲਈ ਰਵਾਨਾ

ਲੁਧਿਆਣਾ, (ਸੁਖਚੈਨ ਮਹਿਰਾ) 1,228,187 ਵੋਟਰ ਨਗਰ ਨਿਗਮ ਲੁਧਿਆਣਾ (ਐਮ.ਸੀ.ਐਲ) ਦੀਆਂ ਚੋਣਾਂ ਵਿੱਚ ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰਨਗੇ, ਜਿੱਥੇ 447 ਉਮੀਦਵਾਰ ਚੋਣ ਲੜ ਰਹੇ ਹਨ। ਇਸ ਤੋਂ ਇਲਾਵਾ ਵੱਖ-ਵੱਖ ਨਗਰ ਕੌਂਸਲਾਂ ਅਤੇ ਇੱਕ ਨਗਰ ਪੰਚਾਇਤ ਵਿੱਚ 160 ਉਮੀਦਵਾਰ ਚੋਣ ਲੜ ਰਹੇ ਹਨ। ਸ਼ਨੀਵਾਰ ਨੂੰ 1,296 ਪੋਲਿੰਗ ਬੂਥਾਂ ਤੇ ਵੋਟਿੰਗ ਹੋਵੇਗੀ, ਜੋ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਚੱਲੇਗੀ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਜਤਿੰਦਰ ਜੋਰਵਾਲ ਨੇ ਖਾਲਸਾ ਕਾਲਜ ਫਾਰ ਵੂਮੈਨ ਅਤੇ ਸਰਕਾਰੀ ਕਾਲਜ ਫਾਰ ਗਰਲਜ਼ ਸਮੇਤ ਵੱਖ-ਵੱਖ ਕੇਂਦਰਾਂ ਤੋਂ ਪੋਲਿੰਗ ਪਾਰਟੀਆਂ ਨੂੰ ਭੇਜਣ ਦੀ ਨਿਗਰਾਨੀ ਕੀਤੀ। ਉਨ੍ਹਾਂ ਦੱਸਿਆ ਕਿ ਐਮ.ਸੀ.ਐਲ ਚੋਣਾਂ ਲਈ ਕੁੱਲ 1165749 ਵੋਟਰ ਹਨ, ਜਿਨ੍ਹਾਂ ਵਿੱਚ 624708 ਪੁਰਸ਼ ਵੋਟਰ, 540 938 ਮਹਿਲਾ ਵੋਟਰ ਅਤੇ 103 ਵੋਟਰ ਜੋ ਤੀਜੇ ਲਿੰਗ ਵਜੋਂ ਸ਼ਾਮਲ ਹਨ। ਇਸ ਤੋਂ ਇਲਾਵਾ 420 ਪੋਲਿੰਗ ਸਟੇਸ਼ਨਾਂ ਨੂੰ ਅਤੀ ਸੰਵੇਦਨਸ਼ੀਲ ਵਜੋਂ ਸ਼ਨਾਖਤ ਕੀਤਾ ਗਿਆ ਹੈ, ਜਿਨ੍ਹਾਂ ਨੂੰ 447 ਉਮੀਦਵਾਰਾਂ ਦੀ ਨਿਰਪੱਖ ਚੋਣ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਸਥਾਨਕ ਪੁਲਿਸ ਸੁਰੱਖਿਆ ਪ੍ਰਦਾਨ ਕੀਤੀ ਗਈ ਹੈ।

ਮਾਛੀਵਾੜਾ ਨਗਰ ਕੌਂਸਲ, ਸਾਹਨੇਵਾਲ ਨਗਰ ਕੌਂਸਲ, ਨਗਰ ਕੌਂਸਲ ਮੁੱਲਾਂਪੁਰ ਦਾਖਾ, ਨਗਰ ਪੰਚਾਇਤ ਮਲੌਦ, ਨਗਰ ਕੌਂਸਲ ਖੰਨਾ ਅਤੇ ਨਗਰ ਕੌਂਸਲ ਸਮਰਾਲਾ ਨਾਲ ਸਬੰਧਤ ਚੋਣਾਂ ਲਈ ਡਿਪਟੀ ਕਮਿਸ਼ਨਰ



ਨੇ ਦੱਸਿਆ ਕਿ ਕੁੱਲ 62438 ਵੋਟਰ ਹਨ, ਜਿਨ੍ਹਾਂ ਵਿੱਚ 32429 ਪੁਰਸ਼ ਵੋਟਰ, 30007 ਮਹਿਲਾ ਵੋਟਰ ਅਤੇ ਦੋ ਤੀਜੇ ਲਿੰਗ ਦੇ ਵੋਟਰ ਸ਼ਾਮਲ ਹਨ। ਇਨ੍ਹਾਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤ ਵਿੱਚ 56 ਵਾਰਡਾਂ ਵਿੱਚ 80 ਪੋਲਿੰਗ ਬੂਥ ਹੋਣਗੇ, ਜਿਨ੍ਹਾਂ ਵਿੱਚੋਂ 31 ਸੰਵੇਦਨਸ਼ੀਲ ਅਤੇ 14 ਅਤੀ ਸੰਵੇਦਨਸ਼ੀਲ ਹੋਣਗੇ। ਡੀ.ਈ.ਓ ਨੇ ਸਾਰੇ ਚੋਣ ਅਮਲੇ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਨਾਲ ਨਿਭਾਉਣ ਤਾਂ ਜੋ ਵੋਟਰ ਆਪਣੀ ਵੋਟ ਬਿਨਾਂ ਕਿਸੇ ਪਰੇਸ਼ਾਨੀ ਦੇ ਪਾ ਸਕਣ। ਉਨ੍ਹਾਂ ਨੇ ਸ਼ਾਂਤੀਪੂਰਨ ਚੋਣ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਉਨ੍ਹਾਂ ਦੇ ਮੋਢਿਆਂ ਤੇ ਰੱਖੀ ਗਈ ਮਹੱਤਵਪੂਰਨ ਜ਼ਿੰਮੇਵਾਰੀ ਤੇ ਜ਼ੋਰ ਦਿੱਤਾ ਅਤੇ ਪੋਲਿੰਗ ਪਾਰਟੀਆਂ ਨੂੰ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਪੋਲਿੰਗ ਪਾਰਟੀਆਂ ਅਤੇ ਪੋਲਿੰਗ ਬੂਥਾਂ ਤੇ ਵੋਟਰਾਂ ਦੋਵਾਂ ਦੀ ਸਹਾਇਤਾ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ।

ਸ੍ਰੀ ਜਤਿੰਦਰ ਜੋਰਵਾਲ ਨੇ ਵੋਟਰਾਂ ਨੂੰ ਚੋਣ ਵਾਲੇ ਦਿਨ ਵੱਡੀ ਗਿਣਤੀ ਵਿੱਚ ਹਿੱਸਾ ਲੈ ਕੇ ਵੋਟਿੰਗ ਦਾ ਨਵਾਂ ਰਿਕਾਰਡ ਕਾਇਮ ਕਰਨ ਦਾ ਸੱਦਾ ਵੀ ਦਿੱਤਾ। ਇਸ ਸਾਲ ਪਹਿਲੀ ਵਾਰ ਪੋਲਿੰਗ ਅਤੇ ਗਿਣਤੀ ਦੋਵਾਂ ਪ੍ਰਕਿਰਿਆਵਾਂ ਵਿੱਚ ਪਾਰਦਰਸ਼ਤਾ ਨੂੰ ਉਤਸ਼ਾਹਿਤ ਕਰਨ ਲਈ ਹਰੇਕ ਪੋਲਿੰਗ ਸਟੇਸ਼ਨ ਤੇ ਸੀ.ਸੀ.ਟੀ.ਵੀ ਕੈਮਰੇ ਲਗਾਏ ਜਾਣਗੇ। ਵੋਟਿੰਗ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗੀ। ਵੋਟਾਂ ਦੀ ਗਿਣਤੀ ਵੋਟਾਂ ਬੰਦ ਹੋਣ ਤੋਂ ਤੁਰੰਤ ਬਾਅਦ ਸ਼ੁਰੂ ਹੋਵੇਗੀ।

ਇਸ ਮੌਕੇ ਏ.ਡੀ.ਸੀ ਸ੍ਰੀ ਅਮਰਜੀਤ ਬੈਂਸ, ਗਲਾਡਾ ਦੇ ਵਧੀਕ ਮੁੱਖ ਪ੍ਰਸ਼ਾਸਕ ਸ੍ਰੀ ਵਿਨੀਤ ਕੁਮਾਰ, ਸੀ.ਐਮ ਦੇ ਫੀਲਡ ਅਫਸਰ ਮੈਡਮ ਕ੍ਰਿਤਿਕਾ ਗੋਇਲ ਅਤੇ ਐਸ.ਡੀ.ਐਮ ਡਾ. ਬਲਜਿੰਦਰ ਸਿੰਘ ਢਿੱਲੋਂ ਸਮੇਤ ਹੋਰ ਹਾਜ਼ਰ ਸਨ।

## ਮੁੱਖ ਖੇਤੀਬਾੜੀ ਅਫਸਰ ਵੱਲੋਂ ਹਾੜ੍ਹੀ ਸੀਜ਼ਨ 2025 ਦੌਰਾਨ ਵਰਤੀਆਂ ਜਾਣ ਵਾਲੀਆਂ ਖਾਦਾਂ ਦੀ ਵਰਤੋਂ ਸਬੰਧੀ ਖਾਦ ਡੀਲਰਾਂ ਨਾਲ ਕੀਤੀ ਮੀਟਿੰਗ

ਮਾਲੇਰਕੋਟਲਾ -(ਕਿਮੀ ਅਰੋੜਾ,ਅਸਲਮ ਨਾਜ਼) ਡਿਪਟੀ ਕਮਿਸ਼ਨਰ ਮਲੇਰਕੋਟਲਾ ਡਾ.ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਾੜ੍ਹੀ ਸੀਜ਼ਨ 2025 ਦੌਰਾਨ ਵਰਤੀਆਂ ਜਾਣ ਵਾਲੀਆਂ ਖਾਦਾਂ ਦੀ ਵੰਡ ਸਬੰਧੀ ਮੁੱਖ ਖੇਤੀਬਾੜੀ ਅਫਸਰ ਡਾ. ਹਰਬੰਸ ਸਿੰਘ ਵੱਲੋਂ ਜ਼ਿਲ੍ਹਾ ਮਲੇਰਕੋਟਲਾ ਦੇ ਖਾਦਾਂ ਦੇ ਹੋਲਸੇਲ, ਖੁਦਰਾ ਵਪਾਰੀਆਂ/ਡੀਲਰਾਂ ਨਾਲ ਦਫ਼ਤਰ ਮੁੱਖ ਖੇਤੀਬਾੜੀ ਅਫਸਰ ਸੰਗਰੂਰ ਵਿਖੇ ਵਿਸ਼ੇਸ ਮੀਟਿੰਗ ਕੀਤੀ।ਇਸ ਮੌਕੇ ਖਾਦ ਵਿਕ੍ਰੇਤਾਵਾਂ ਤੋਂ ਇਲਾਵਾ ਖੇਤੀਬਾੜੀ ਵਿਕਾਸ ਅਫਸਰ (ਇੰਨਫੋਰਸਮੈਂਟ) ਡਾ.ਸਵਿੰਦਰਜੀਤ ਸਿੰਘ ਵੀ ਮੌਜੂਦ ਸਨ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਕਣਕ ਦੀ ਫਸਲ ਲਈ ਖਾਦ ਖਾਸ ਕਰਕੇ ਯੂਰੀਆ ਖਾਦ ਦੀ ਕਿਸੇ ਕਿਸਮ ਦੀ ਘਾਟ ਨਹੀਂ ਹੈ ਅਤੇ ਜ਼ਿਲ੍ਹੇ ਵਿੱਚ ਯੂਰੀਆ ਖਾਦ ਦੀ ਸਪਲਾਈ ਮੰਗ ਅਨੁਸਾਰ ਨਿਰੰਤਰ ਜਾਰੀ ਹੈ। ਇਸ ਸਬੰਧ ਵਿੱਚ ਉਨ੍ਹਾਂ ਨੇ ਜ਼ਿਲ੍ਹਾ ਮਲੇਰਕੋਟਲਾ ਦੇ ਸਮੂਹ ਖਾਦ ਵਿਕਰੇਤਾਵਾਂ ਨੂੰ ਸਖਤ ਹਦਾਇਤ ਦਿੰਦੇ ਹੋਏ ਅਪੀਲ ਕੀਤੀ ਕਿ ਉਹ ਕਿਸਾਨਾਂ ਨੂੰ ਲੋੜ ਅਨੁਸਾਰ ਖਾਦ ਦੀ ਵਿੱਕਰੀ ਯਕੀਨੀ ਬਣਾਉਣ ਅਤੇ ਖਾਦ ਕੰਟਰੋਲ ਆਰਡਰ 1985 ਮੁਤਾਬਕ ਲੋੜੀਂਦੀਆਂ ਸ਼ਰਤਾਂ ਪੂਰੀਆਂ ਕਰਦੇ ਹੋਏ ਆਪਣੀ ਖਾਦ ਦੀ ਵਿੱਕਰੀ ਸਬੰਧੀ ਸੇਲ ਸਟਾਕ ਬੋਰਡ ਭਰ ਕੇ ਰੱਖਣ ਅਤੇ ਨਿਰਧਾਰਤ



ਕੀਮਤ ਤੇ ਹੀ ਬਿਨਾਂ ਕਿਸੇ ਟੈਗਿੰਗ ਦੇ ਕਿਸਾਨਾਂ ਨੂੰ ਵੇਚਣ।ਉਹਨਾਂ ਕਿਹਾ ਕਿ ਜੇਕਰ ਕੋਈ ਵੀ ਖਾਦ ਵਿਕ੍ਰੇਤਾ ਟੈਗਿੰਗ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਖਾਦ ਦੀ ਖਰੀਦ ਸਮੇਂ ਕਿਸੇ ਕਿਸਮ ਦੀ ਮੁਸ਼ਕਿਲ ਆਉਂਦੀ ਹੈ ਤਾਂ ਉਹ ਆਪਣੇ ਬਲਾਕ ਨਾਲ ਸਬੰਧਤ ਖੇਤੀਬਾੜੀ ਵਿਕਾਸ ਅਫਸਰ ਦੇ ਧਿਆਨ ਵਿੱਚ ਲਿਆਉਣ।ਉਨ੍ਹਾਂ ਦੱਸਿਆ ਕਿ ਬਲਾਕ ਮਲੇਰਕੋਟਲਾ ਨਾਲ ਕਿਸਾਨ ਖਾਦ ਨਾਲ ਸਬੰਧਤ ਕਿਸੇ ਕਿਸਮ ਦੀ ਸਮੱਸਿਆ ਦੀ ਸੂਰਤ ਵਿੱਚ ਖੇਤੀਬਾੜੀ ਅਫਸਰ ਡਾ. ਕੁਲਬੀਰ ਸਿੰਘ (94657—93090), ਖੇਤੀਬਾੜੀ ਵਿਕਾਸ ਅਫਸਰ ਡਾ. ਕੁਲਦੀਪ ਕੌਰ(95925—62458) ਅਤੇ ਬਲਾਕ ਅਹਿਮਦਗੜ੍ਹ ਨਾਲ ਸਬੰਧਤ ਕਿਸਾਨ ਖੇਤੀਬਾੜੀ ਵਿਕਾਸ ਅਫਸਰ, ਅਹਿਮਦਗੜ੍ਹ ਡਾ. ਰਾਕੇਸ਼ ਕੁਮਾਰ (95014—38196) ਨਾਲ ਸੰਪਰਕ ਕਰਨ ਤਾਂ ਜੋ ਖਾਦਾਂ ਦੀ ਸਹੀ ਤਰੀਕੇ ਨਾਲ ਕਿਸਾਨਾਂ ਨੂੰ ਵੰਡ ਕੀਤੀ ਜਾ ਸਕੇ ਅਤੇ ਇਸ ਨਾਲ ਬੇਲੋੜੀਆਂ ਖੇਤੀ ਵਸਤਾਂ ਦੀ ਟੈਗਿੰਗ ਅਤੇ ਖਾਦਾਂ ਦੀ ਵੱਧ ਰੇਟ ਉੱਤੇ ਵਿੱਕਰੀ ਨੂੰ ਰੋਕਿਆ ਜਾ ਸਕੇ।

## ਗਿੱਦੜਬਾਹਾ ਦੇ ਪਿੰਡ ਛੱਤਿਆਣਾਂ ਦੇ ਬਾਬਾ ਫਰੀਦ ਸਕੂਲ ਦੇ ਖਿਡਾਰੀਆਂ ਦੀ ਨੈਸ਼ਨਲ ਖੇਡਾਂ ਲਈ ਹੋਈ ਚੋਣ



ਗਿੱਦੜਬਾਹਾ (ਲੋਕ ਬਾਣੀ) ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾਂ ਦੇ ਹੋਣਹਾਰ ਖਿਡਾਰੀ ਵਰਗ 14 ਸਾਲ ਅਤੇ 19 ਸਾਲ ਦੇ ਲੜਕੇ ਅਤੇ ਲੜਕੀਆਂ ਦੀ ਨੈੱਟਬਾਲ ਨੈਸ਼ਨਲ ਸਕੂਲੀ ਖੇਡਾਂ ਲਈ ਚੋਣ ਹੋਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨੈੱਟਬਾਲ ਕੋਚ ਮਨਪ੍ਰੀਤ ਸਿੰਘ ਅਤੇ ਗੁਰਮੇਲ ਸਿੰਘ ਡੀਪੀਈ ਨੇ ਦੱਸਿਆ ਕਿ ਨੈਸ਼ਨਲ ਨੈੱਟਬਾਲ ਸਕੂਲੀ ਖੇਡਾਂ ਦੇ ਮੁਕਾਬਲੇ ਛੱਤੀਸਗੜ੍ਹ ਵਿਖੇ ਹੋ ਰਹੇ ਹਨ। ਇਹਨਾਂ ਮੁਕਾਬਲਿਆਂ ਲਈ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਦੇ ਖਿਡਾਰੀ ਵਰਗ 14 ਸਾਲ ਲੜਕੇ ਪ੍ਰਤੀਕ ਸਿੰਘ, ਆਜ਼ਾਦਵੀਰ ਸਿੰਘ, ਜਸਦੀਪ ਸਿੰਘ ਅਤੇ ਸਹਿਜਪ੍ਰੀਤ ਸਿੰਘ ਲੜਕੀਆਂ ਵਰਗ ਅੰਡਰ 14 ਸਾਲ ਵਿੱਚ ਸਿਮਰਨ ਕੋਰ ਦੀ ਚੋਣ ਹੋਈ। ਇਸੇ ਤਰ੍ਹਾਂ ਹੀ ਵਰਗ 19 ਸਾਲ ਲੜਕੇ ਨੈੱਟਬਾਲ ਵਿੱਚ ਪ੍ਰਭਜੋਤ ਸਿੰਘ ਅਤੇ ਵਰਗ 19 ਸਾਲ ਲੜਕੀਆ ਵਿੱਚ ਅਰਪਨਜੋਤ ਕੌਰ,ਐਸਵੀਰ ਕੌਰ ਅਤੇ ਜਸਮੀਨ ਕੌਰ ਦੀ ਚੋਣ ਹੋਈ ਹੈ। ਜਿਨ੍ਹਾਂ ਨੇ ਨੈਟ ਨਾਲ ਸਕੂਲੀ ਖੇਡਾਂ ਵਿੱਚ ਆਪਣੀ ਖੇਡ ਦਾ ਪ੍ਰਦਰਸ਼ਨ ਕਰਨਾ ਹੈ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਅਤੇ ਪ੍ਰਿੰਸੀਪਲ ਪਰਮਜੀਤ ਕੌਰ ਬਰਾੜ ਨੇ ਨੈਸ਼ਨਲ ਖੇਡਾਂ ਲਈ ਚੁਣੇ ਹੋਏ ਖਿਡਾਰੀਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਲਗਨ ਨਾਲ ਕੀਤੀ ਹੋਈ ਮਿਹਨਤ ਕਦੇ ਵੀ ਵਿਅਰਥ ਨਹੀਂ ਜਾਂਦੀ। ਉਨ੍ਹਾਂ ਕਿਹਾ ਕਿ ਸਾਨੂੰ ਪੂਰਨ ਵਿਸ਼ਵਾਸ ਹੈ ਕਿ ਇਹ ਖਿਡਾਰੀ ਨੈਸ਼ਨਲ ਖੇਡਾਂ ਵਿੱਚ ਆਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਤਗ਼ਮੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕਰਨਗੇ। ਇਸ ਮੌਕੇ ਨਰੇਸ਼ ਕੁਮਾਰ ਡੀਪੀਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਗਿਲਜੇਵਾਲਾ,ਐਚਓਡੀ ਬਲਕਰਨ ਸਿੰਘ, ਸੁਖਦੀਪ ਸਿੰਘ, ਮਨਦੀਪ ਕੌਰ, ਅਮਨਦੀਪ ਕੌਰ, ਕਲਾਸ ਇੰਚਾਰਜ ਜਗਮੀਤ ਸਿੰਘ, ਕਿਰਨਦੀਪ ਕੌਰ, ਸੁਖਪ੍ਰੀਤ ਸਿੰਘ ਤੋਂ ਇਲਾਵਾ ਸਕੂਲ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਖਿਡਾਰਣ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

## ਵਰੁਣ ਗਾਂਧੀ ਦੇ ਪਿਤਾ, ਧਰਮਪਾਲ ਗਾਂਧੀ ਦੇ ਭਰਾ ਅਤੇ ਪੱਤਰਕਾਰ ਸੰਜੀਵ ਗਿਲਹੋਤਰਾ ਦੇ ਸਤਿਕਾਰਯੋਗ ਮਾਮਾ ਜੀ ਦਾ ਨਿਧਨ

ਫਾਜ਼ਿਲਕਾ, (ਲੋਕ ਬਾਣੀ) : ਵਰੁਣ ਗਾਂਧੀ ਦੇ ਪਿਤਾ, ਧਰਮਪਾਲ ਗਾਂਧੀ ਦੇ ਭਰਾ ਅਤੇ ਪਤਰਕਾਰ ਸੰਜੀਵ ਗਿਲਹੋਤਰਾ ਦੇ ਸਤਿਕਾਰਯੋਗ ਮਾਮਾ ਜੀ ਸ਼੍ਰੀ ਕੇਵਲ ਕ੍ਰਿਸ਼ਨ ਗਾਂਧੀ (ਸੇਵਾਮੁਕਤ ਮੈਨੇਜਰ ਕੋਆਪ੍ਰੇਟਿਵ ਬੈਂਕ ਫਾਜ਼ਿਲਕਾ) ਜੋ ਕਿ ਬੀਤੇ ਦਿਨੀਂ ਅਕਾਲ ਚਲਾਣੇ ਕਰ ਗਏ ਸਨ। ਉਨ੍ਹਾਂ ਦੇ ਅਕਾਲ ਚਲਾਣੇ ਤੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਕੁਮਾਰ ਜਿਆਣੀ, ਸ਼੍ਰੀ ਰੋੜਵੰਸ਼ ਵੈਲਫੇਅਰ ਸੋਸਾਇਟੀ ਫਾਜ਼ਿਲਕਾ ਦੇ ਪੜ੍ਹਨ ਅਰੁਣ ਵਧਵਾ, ਸਮਰਬੀਰ ਸਿੰਘ ਸਿੱਧੂ, ਜ਼ਿਲ੍ਹਾ ਇਲੈਕਟ੍ਰਾਨਿਕ ਅਤੇ ਪ੍ਰਿੰਟ ਮੀਡੀਆ ਐਸੋਸੀਏਸ਼ਨ ਫਾਜ਼ਿਲਕਾ ਦੇ ਪ੍ਰਧਾਨ ਬਖਸ਼ੀਸ਼ ਸਿੰਘ (ਹੈਪੀ) ਨੇ ਉਨ੍ਹਾਂ ਦੇ ਘਰ ਪਹੁੰਚ ਕੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਪਰਿਵਾਰ ਦੇ ਮੈਂਬਰ ਦਾ ਵਿਛੋੜਾ ਕਦੇ ਵੀ ਭੁੱਲਿਆ ਨਹੀਂ ਜਾ ਸਕਦਾ ਤੇ ਗਏ ਮੈਂਬਰ ਦੀ ਕਮੀ ਵੀ ਸਾਰੀ ਉਮਰ ਪੂਰੀ ਨਹੀਂ ਹੋ ਸਕਦੀ। ਸਾਬਕਾ ਕੈਬਨਿਟ ਮੰਤਰੀ



ਸੁਰਜੀਤ ਕੁਮਾਰ ਜਿਆਣੀ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਸ਼੍ਰੀ ਕੇਵਲ ਕ੍ਰਿਸ਼ਨ ਗਾਂਧੀ ਦੇ ਅਕਾਲ ਚਲਾਣੇ ਕਾਰਨ ਪਏ ਘਾਟੇ ਨੂੰ ਪੂਰਾ ਕਰ ਪਾਉਣਾ ਮੁਸ਼ਕਿਲ ਹੈ। ਉਨ੍ਹਾਂ ਕਿਹਾ ਕਿ ਉਹ ਇਸ ਦੁੱਖ ਦੀ ਘੜੀ ਵਿਚ ਪਰਿਵਾਰ ਨਾਲ ਖੜੇ ਹਨ। ਇਸ ਮੌਕੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਜ਼ਿਲ੍ਹਾ ਇਲੈਕਟ੍ਰਾਨਿਕ ਅਤੇ ਪ੍ਰਿੰਟ ਮੀਡੀਆ ਐਸੋਸੀਏਸ਼ਨ ਫਾਜ਼ਿਲਕਾ ਦੇ ਪ੍ਰਧਾਨ ਬਖਸ਼ੀਸ਼ ਸਿੰਘ (ਹੈਪੀ) ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਥਾਨ ਦੇਣ ਅਤੇ ਪਰਿਵਾਰ ਨੂੰ ਇਹ ਭਾਣਾ ਸਹਿਣ ਕਰਨ ਦਾ ਬਲ ਬਖਸ਼ਣ। ਸ਼੍ਰੀ ਕੇਵਲ ਕ੍ਰਿਸ਼ਨ ਗਾਂਧੀ ਦੀ ਅੰਤਿਮ ਅਰਦਾਸ ਮਿਤੀ 29 ਦਸੰਬਰ ਦਿਨ ਐਤਵਾਰ ਸਿਟੀ ਗਾਰਡਨ ਫਾਜ਼ਿਲਕਾ ਵਿਖੇ ਦੁਪਹਿਰ 12 ਵਜੇ ਤੋਂ 1 ਵਜੇ ਤਕ ਹੋਵੇਗੀ। ਇਸ ਉਪਰੰਤ ਇਲਾਕੇ ਭਰ ਦੀਆ ਧਾਰਮਿਕ, ਰਾਜਨੀਤਕ ਅਤੇ ਮੋਹਤਬਰ ਸਖਸ਼ੀਅਤਾ ਇਸ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨਗੀਆਂ।

# ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨੇ ਸਿੱਖਿਆ ਤੇ ਕਲਾ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੀਆਂ ਧੀਆਂ ਦਾ ਵਿਸ਼ੇਸ਼ ਸਨਮਾਨ ਕੀਤਾ

ਦੀਨਾਨਗਰ ( ਡਾ.ਰਮੇਸ਼ ਸਰੰਗਲ ) – ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਚਲਾਈ ਜਾ ਰਹੀ ਬੇਟੀ ਬਚਾਓ , ਬੇਟੀ ਪੜ੍ਹਾਓ ਮੁਹਿੰਮ ਤਹਿਤ ਅੱਜ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਐੱਸ.ਐੱਸ.ਐੱਮ. ਕਾਲਜ ਦੀਨਾਨਗਰ ਵਿਖੇ ਵਿਸ਼ੇਸ਼ ਸਮਾਗਮ ਕਰਕੇ ਜ਼ਿਲ੍ਹੇ ਦੀਆਂ ਹੋਣ–ਹਾਰ ਧੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਨਮਾਨ ਸਮਾਰੋਹ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕੀਤੀ ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ. ਹਰਜਿੰਦਰ ਸਿੰਘ, ਐੱਸ.ਡੀ.ਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ ਸ਼ਾਮਲ ਹੋਏ।

ਸਨਮਾਨ ਸਮਾਰੋਹ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ 19 ਸਿੱਖਿਆ ਬਲਾਕਾਂ ਦੀਆਂ 100 ਹੋਣ–ਹਾਰ ਧੀਆਂ ਨੂੰ ਸਿੱਖਿਆ ਅਤੇ ਕਲਾ ਦੇ ਖੇਤਰ ਵਿੱਚ ਵਡਮੁੱਲੀਆਂ ਪ੍ਰਾਪਤੀਆਂ ਲਈ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਸਨਮਾਨ ਦੌਰਾਨ ਮੱਲਾਂ ਮਾਰਨ ਵਾਲੀਆਂ ਧੀਆਂ ਨੂੰ ਪ੍ਰਸੰਸਾ ਸਰਟੀਫਿਕੇਟ ਅਤੇ ਕਿੱਟਾਂ ਦਿੱਤੀਆਂ ਗਈਆਂ।

ਇਸ ਮੌਕੇ ਸਿੱਖਿਆ ਅਤੇ ਕਲਾ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੀਆਂ ਧੀਆਂ ਨੂੰ ਮੁਬਾਰਕਬਾਦ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਧੀਆਂ ਨੇ ਆਪਣੀ ਕਾਬਲੀਅਤ ਅਤੇ ਮਿਹਨਤ ਨਾਲ ਇਹ ਸਾਬਤ ਕਰ ਦਿੱਤਾ ਹੈ ਕਿ ਉਹ ਹਰ ਖੇਤਰ ਵਿੱਚ ਲੜਕਿਆਂ ਨਾਲੋਂ ਅੱਗੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਲੜਕੀਆਂ ਨੂੰ ਲੈ ਕੇ ਸਮਾਜ ਦੀ ਸੋਚ ਵਿੱਚ ਵੱਡਾ ਫ਼ਰਕ ਵੀ ਆਇਆ ਹੈ ਪਰ




ਫਿਰ ਵੀ ਸਮਾਜ ਵਿੱਚ ਕੁਝ ਲੋਕ ਅਜੇ ਵੀ ਮੌਜੂਦ ਹਨ ਜੋ ਲੜਕੇ ਤੇ ਲੜਕੀ ਵਿੱਚ ਫ਼ਰਕ ਕਰਦੇ ਹਨ। ਉਨ੍ਹਾਂ ਕਿਹਾ ਕਿ ਧੀਆਂ ਨੂੰ ਅੱਗੇ ਵਧਣ ਲਈ ਵੱਧ ਤੋਂ ਵੱਧ ਮੌਕੇ ਦੇਣੇ ਚਾਹੀਦੇ ਹਨ ਤਾਂ ਜੋ ਉਹ ਆਪਣੀ ਪਰਵਾਜ਼ ਨਾਲ ਉੱਚੇ ਮੁਕਾਮ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਆਪਣੀਆਂ ਧੀਆਂ ਦੇ ਅੱਗੇ ਵਧਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰਨ ਲਈ ਵਚਨਬੱਧ ਹੈ। ਇਸ ਮੌਕੇ ਉਨ੍ਹਾਂ ਧੀਆਂ ਦੇ ਬੇਹਤਰ ਅਤੇ ਰੌਸ਼ਨ ਭਵਿੱਖ ਦੀ ਕਾਮਨਾ ਵੀ ਕੀਤੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ. ਹਰਜਿੰਦਰ ਸਿੰਘ ਨੇ ਕਿਹਾ ਕਿ ਧੀਆਂ ਤੋਂ ਬਿਨਾਂ ਮਨੁੱਖੀ ਸਮਾਜ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਵੀ ਆਪਣੀ ਬਾਣੀ ਵਿੱਚ ਧੀਆਂ ਨੂੰ ਵਡਿਆਇਆ ਹੈ। ਉਨ੍ਹਾਂ ਕਿਹਾ ਕਿ ਸਮਾਜ ਨੂੰ ਲੜਕੇ ਅਤੇ ਲੜਕੀ ਵਿੱਚ ਕੋਈ ਫ਼ਰਕ ਨਹੀਂ ਕਰਨਾ ਚਾਹੀਦਾ, ਇਹੀ ਸਭਿਅਕ ਸਮਾਜ ਦੀ ਨਿਸ਼ਾਨੀ ਹੈ। ਉਨ੍ਹਾਂ ਕਿਹਾ ਕਿ ਮਾਣਯੋਗ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਤਹਿਤ ਵੱਖ–ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਧੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਲੋਹੜੀ ਮੌਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਵਾਲੀਆਂ ਹੋਰ ਧੀਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।

ਇਸ ਦੌਰਾਨ ਸ. ਜਸਪਿੰਦਰ ਸਿੰਘ, ਆਈ.ਏ.ਐੱਸ. ਐੱਸ.ਡੀ.ਐੱਮ. ਦੀਨਾਨਗਰ ਨੇ ਮੁੱਖ ਮਹਿਮਾਨ ਸਮੇਤ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਸ਼੍ਰੀਮਤੀ ਜਸਮੀਤ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ, ਸ਼੍ਰੀ ਲਖਵਿੰਦਰ ਸਿੰਘ, ਪ੍ਰਿੰਸੀਪਲ ਡਾ. ਆਰ.ਕੇ. ਤੁਲੀ, ਪ੍ਰੋ. ਪ੍ਰਬੋਧ ਗਰੋਵਰ, ਪ੍ਰੋ. ਸੋਨੂੰ, ਪ੍ਰੋ. ਨੀਲਮ, ਪ੍ਰੋ. ਸੁਧੀਰ, ਪ੍ਰੋ. ਸੱਜਣ, ਸ਼੍ਰੀਮਤੀ ਸੁਦੇਸ਼ ਕੁਮਾਰੀ, ਸੀਡੀਪੀਓ. ਦੋਰਾਂਗਲਾਂ, ਸੁਨੀਲ ਕੁਮਾਰ, ਮੰਨਤ ਮਹਾਜਨ, ਧੀਰਜ ਸ਼ਰਮਾ, ਅੰਕੁਸ਼ ਸ਼ਰਮਾ ਅਤੇ ਪਰਮਿੰਦਰ ਸਿੰਘ, ਜ਼ਿਲ੍ਹਾ ਗਾਈਡੈਂਸ ਕਾਊਂਸਲਰ ਸਮੇਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਅਤੇ ਨਾਰੀ ਸ਼ਕਤੀ ਕੇਂਦਰ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਜ਼ਿਲ੍ਹਾ ਪੁਲਿਸ ਮੁੱਖੀ ਵੱਲੋਂ ਚੌਂਕੀ ਦੋਦਾ ਅਤੇ ਚੌਂਕੀ ਚੱਕ ਦੂਹੇਵਾਲਾ ਦੀ ਕੀਤੀ ਗਈ ਅਚਨਚੇਤ ਚੈਕਿੰਗ

ਗਿੱਦੜਬਾਹਾ (ਲੋਕ ਬਾਣੀ) ਪੰਜਾਬ ਦੇ ਡੀਜੀਪੀ ਸ੍ਰੀ ਗੋਰਵ ਯਾਦਵ ਦੀਆਂ ਹਦਾਇਤਾਂ ਤਹਿਤ ਐਸ ਐਸ ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਤੁਸ਼ਾਰ ਗੁਪਤਾ ਵੱਲੋਂ ਜ਼ਿਲ੍ਹੇ ਵਿੱਚ ਸਖ਼ਤ ਸੁਰੱਖਿਆ ਦੇ ਪ੍ਰਬੰਧ ਕੀਤੇ ਗਏ ਹਨ । ਜਿਸ ਦੇ ਚਲਦਿਆਂ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਵੱਲੋਂ ਜਿੱਥੇ ਨਾਕਾਬੰਦੀ ਕਰ ਸਰਾਰਤੀ ਅਨਸਰਾਂ ਤੇ ਨਕੇਲ ਕਸੀ ਜਾ ਰਹੀ ਹੈ। ਉਥੇ ਹੀ ਜ਼ਿਲ੍ਹਾ ਵਿੱਚ ਗਸ਼ਤ ਵਾ ਚੈਕਿੰਗ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਐਸ ਐਸ ਪੀ ਸ੍ਰੀ ਤੁਸ਼ਾਰ ਗੁਪਤਾ ਵੱਲੋਂ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਚੌਂਕੀ ਦੋਦਾ ਤੇ ਚੱਕ ਦੂਹੇਵਾਲਾ ਦੀ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਪੁਲਿਸ ਮੁਲਾਜਮਾਂ ਨੂੰ ਡਿਊਟੀ ਪ੍ਰਤੀ ਹਦਾਇਤਾ ਜ਼ਾਰੀ ਕੀਤੀਆਂ ਗਈਆਂ। ਇਸ ਸੰਬੰਧੀ ਜਾਣਕਾਰੀ ਦਿੰਦੇ ਐਸ ਐਸ ਪੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਤੇ ਅੱਜ ਚੌਂਕੀ ਦੋਦਾ ਤੇ ਚੱਕ ਦੂਹੇਵਾਲਾ ਦੀ ਅਚਨਚੇਤ ਚੈਕਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਚੌਂਕੀ ਅੰਦਰ,ਮਾਲ ਖਾਨੇ ਦਾ ਰਿਕਾਰਡ,ਡਾਕ ਰਜਿਸਟਰ, ਬਿਲਡਿੰਗ, ਕੈਮਰੇ ਬਾਰੇ ਜਾਇਜ਼ਾ ਲਿਆ ਗਿਆ ਤੇ ਆਪਣੀਆਂ ਸ਼ਿਕਾਇਤਾਂ ਲੈ ਕੇ ਚੌਂਕੀ ਆਉਣ ਵਾਲੇ ਲੋਕਾਂ ਦੇ ਬੈਠਣ ਲਈ ਕੀਤੇ ਪ੍ਰਬੰਧਾਂ ਬਾਰੇ ਜਾਣਕਾਰੀ ਲਈ ਗਈ ਜਦੋਂਕਿ ਪੁਲਿਸ ਮੁਲਾਜ਼ਮਾਂ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਲੋਕਾਂ ਦੀ ਸ਼ਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਕੀਤਾ ਜਾਵੇ ਅਤੇ ਅਮਨ ਕਾਨੂੰਨ ਦੀ ਵਿਸਥਤਾ ਨੂੰ ਬਣਾਈ ਰੱਖਣ ਲਈ ਕਾਨੂੰਨ ਮੁਤਾਬਿਕ ਹੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਅਤੇ ਚੌਂਕੀ ਵਿੱਚ ਆਪਣੀ ਸ਼ਕਾਇਤਾਂ ਲੈ ਕੇ ਆਉਣ ਵਾਲੇ ਲੋਕਾਂ ਨਾਲ ਚੰਗੇ ਵਿਵਹਾਰ ਨੂੰ ਯਕੀਨੀ ਬਣਾਇਆ ਜਾਵੇ। ਐਸ ਐਸ ਪੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਨਸ਼ੇ ਅਤੇ ਮਾੜੇ ਅਨਸਰਾਂ ਖਿਲਾਫ਼ ਪੁਲਿਸ ਵੱਲੋਂ ਚਲਾਈ ਮੁਹਿੰਮ ਨੂੰ ਤੁਹਾਡੇ ਨਜ਼ਦੀਕ ਕੋਈ ਅਪਰਾਧ ਹੋ ਰਿਹਾ ਹੈ ਜਾਂ ਕੋਈ ਨਸ਼ੇ ਵੇਚਦਾ ਹੈ ਤਾ ਉਸ ਦੀ ਜਾਣਕਾਰੀ ਤੁਸੀ ਸਾਨੂੰ ਸਾਡੇ ਹੈਲਪ ਲਾਈਨ ਨੰਬਰ 80 549–42100 ਤੇ ਵਟਸਐੱਪ ਰਾਂਹੀਂ ਜਾਂ ਫੋਨ ਕਾਲ ਰਾਹੀਂ ਦੇ ਸਕਦੇ ਹੋ ਜਾਣਕਾਰੀ ਦੇਣ ਵਾਲੇ ਦਾਂ ਨਾਂਮ ਗੁਪਤ ਰੱਖਿਆ ਜਾਵੇਗਾ । ਇਸ ਮੌਕੇ ਐਸ ਆਈ ਗੁਰਮੇਲ ਕੌਰ ਇੰਚਾਰਜ ਚੌਂਕੀ ਚੱਕ ਦੂਹੇਵਾਲਾ,ਐਸ ਆਈ ਸੁਖਦੇਵ ਸਿੰਘ ਜ਼ਿਲ੍ਹਾ ਟ੍ਰੈਫਿਕ ਇੰਚਾਰਜ਼,ਏ ਐਸ ਆਈ, ਗੁਰਤੇਜ ਸਿੰਘ ਇੰਚਾਰਜ ਚੌਂਕੀ ਦੋਦਾ, ਰੀਡਰ ਐਸ ਐਸ ਪੀ ਅਜੀਤਪਾਲ ਸਿੰਘ ਹਾਜ਼ਰ ਸਨ




SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੈਂਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565